ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 13 ਅਕਤੂਬਰ 2024 (ਨਾਨਕਸ਼ਾਹੀ ਸੰਮਤ : ੫੫੬, ੨੮ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਦੁਸਹਿਰੇ ਵਾਲੇ ਦਿਨ ਵੱਡਾ ਹਾਦਸਾ : ਬੇਕਾਬੂ ਕਾਰ ਨਹਿਰ 'ਚ ਡਿੱਗੀ, 3 ਬੱਚਿਆਂ ਸਮੇਤ 7 ਦੀ ਮੌਤ

**ਕੈਥਲ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਦੇ ਕੈਥਲ 'ਚ ਦੁਸਹਿਰੇ ਦੇ ਤਿਉਹਾਰ ਵਾਲੇ ਦਿਨ ਇਕ ਵੱਡਾ ਹਾਦਸਾ ਵਾਪਰ ਜਾਣ ਦੀ ਸੂਚਨਾ ਮਿਲੀ ਹੈ। ਕੈਥਲ ਵਿਚ ਮੁੰਡਦੀ ਨਹਿਰ 'ਚ ਇਕ ਆਲਟੋ ਕਾਰ ਦੇ ਡੁੱਬਣ ਨਾਲ ਇੱਕੋ ਪਰਿਵਾਰ ਦੇ 7 ਲੋਕਾਂ ਦੀ ਮੌਤ ਹੋ ਗਈ। ਦੱਸ ਦੇਈਏ ਕਿ ਇਹ ਘਟਨਾ ਸਵੇਰੇ ਕਰੀਬ 10 ਵਜੇ ਦੇ ਕਰੀਬ ਦੀ ਦੱਸੀ ਜਾ ਰਹੀ ਹੈ। ਘਟਨਾ ਦੀ ਸੂਚਨਾ ਮਿਲਣ 'ਤੇ ਪਹੁੰਚੀ ਪੁਲਸ ਵਲੋਂ ਇਸ ਮਾਮਲੇ ਦੀ ਕਾਰਵਾਈ ਕੀਤੀ ਜਾ ਰਹੀ ਹੈ। ਮੌਕੇ 'ਤੇ ਪਹੁੰਚੀ ਪੁਲਸ ਨੇ ਦੱਸਿਆ ਕਿ ਮ੍ਰਿਤਕਾਂ ਦੀ ਗਿਣਤੀ 7 ਹੈ। ਪੁਲਸ ਨੇ ਗੋਤਾਖੋਰਾਂ ਦੀ ਮਦਦ ਨਾਲ ਸੱਤ ਮੈਂਬਰਾਂ ਦੀਆਂ ਲਾਸ਼ਾਂ ਬਰਾਮਦ ਕਰ ਲਈਆਂ ਹਨ। ਪੁਲਸ ਅਨੁਸਾਰ 15 ਸਾਲਾ ਕੁੜੀ ਦੀ ਲਾਸ਼ ਅਜੇ ਤੱਕ ਨਹੀਂ ਮਿਲੀ, ਜੋ ਕਿ ਨਹਿਰ 'ਚ ਦੱਸੀ ਜਾ ਰਹੀ ਹੈ। ਦੂਜੇ ਪਾਸੇ ਇਸ ਹਾਦਸੇ ਵਿਚ ਗੱਡੀ ਚਲਾ ਰਿਹਾ ਡਰਾਈਵਰ ਵਾਲ-ਵਾਲ ਬਚ ਗਿਆ, ਜਿਸ ਦਾ ਕੁੰਡਲੀ ਹਸਪਤਾਲ ਵਿੱਚ ਇਲਾਜ ਕੀਤਾ ਜਾ ਰਿਹਾ ਹੈ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਇੱਕ ਹੀ ਪਰਿਵਾਰ ਦੇ 8 ਮੈਂਬਰ ਡਰਾਇਵਰ ਸਣੇ ਕੈਥਲ ਦੇ ਪਿੰਡ ਗੁਹਨਾ ਵਿੱਚ ਸਥਿਤ ਗੁਰੂ ਰਵਿਦਾਸ ਮੰਦਰ ਵਿੱਚ ਸਵੇਰੇ ਮੱਥਾ ਟੇਕਣ ਜਾ ਰਹੇ ਸਨ, ਜੋ ਸਵੇਰੇ ਕਰੀਬ ਸਾਢੇ ਅੱਠ ਵਜੇ ਘਰੋਂ ਨਿਕਲੇ ਸਨ। ਦੱਸਿਆ ਜਾ ਰਿਹਾ ਹੈ ਕਿ ਪੁੰਡਰੀ ਦੇ ਪਿੰਡ ਡੀਗ ਦਾ ਰਹਿਣ ਵਾਲਾ ਇੱਕ ਪਰਿਵਾਰ ਆਪਣੀ ਆਲਟੋ ਕਾਰ ਵਿੱਚ ਕੈਥਲ ਵੱਲ ਆ ਰਿਹਾ ਸੀ। ਕਾਰ ਦਾ ਅਚਾਨਕ ਸੰਤੁਲਨ ਵਿਗੜ ਗਿਆ, ਜਿਸ ਕਾਰਨ ਕਾਰ ਨਹਿਰ ਵਿੱਚ ਜਾ ਡਿੱਗੀ। ਕਾਰ ਵਿਚ ਤਿੰਨ ਬੱਚੇ, ਤਿੰਨ ਔਰਤਾਂ ਅਤੇ ਇੱਕ ਆਦਮੀ ਸਮੇਤ ਕੁੱਲ ਸੱਤ ਲੋਕ ਸਵਾਰ ਸਨ।

## ਧੀ ਨੇ ਮਾਪਿਆਂ ਦਾ ਕਤਲ ਕਰ 4 ਸਾਲਾਂ ਤੱਕ ਘਰ 'ਚ ਲੁਕਾ ਕੇ ਰੱਖੀਆਂ ਲਾਸ਼ਾਂ

# ਅਦਾਲਤ ਨੇ ਸੁਣਾਈ ਵੱਡੀ ਸਜ਼ਾ

**ਲੰਡਨ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਬਰਤਾਨੀਆ ਦੀ ਇਕ ਅਦਾਲਤ ਨੇ ਵਰਜੀਨੀਆ ਮੈਕਕੁਲੋ ਨਾਂ ਦੀ ਔਰਤ ਨੂੰ ਆਪਣੇ ਮਾਤਾ-ਪਿਤਾ ਦੇ ਕਤਲ ਦੇ ਦੋਸ਼ ਵਿਚ ਉਮਰ ਕੈਦ ਦੀ ਸਜ਼ਾ ਸੁਣਾਈ ਹੈ। ਅਦਾਲਤ ਨੇ ਹੁਕਮ ਦਿੱਤਾ ਹੈ ਕਿ ਉਸ ਨੂੰ ਅਗਲੇ 36 ਸਾਲਾਂ ਤੱਕ ਪੈਰੋਲ 'ਤੇ ਰਿਹਾਅ ਨਹੀਂ ਕੀਤਾ ਜਾਵੇਗਾ। ਇਸ ਮਾਮਲੇ ਨੇ ਸਭ ਨੂੰ ਉਦੋਂ ਹੈਰਾਨ ਕਰ ਦਿੱਤਾ, ਜਦੋਂ ਇਹ ਖੁਲਾਸਾ ਹੋਇਆ ਕਿ ਵਰਜੀਨੀਆ ਨੇ 4 ਸਾਲਾਂ ਤੱਕ ਆਪਣੇ ਮਾਤਾ-ਪਿਤਾ ਦੀਆਂ ਲਾਸ਼ਾਂ ਨਾਲ ਇੱਕੋ ਘਰ ਵਿੱਚ ਰਹਿਣਾ ਚੁਣਿਆ। ਵਰਜੀਨੀਆ ਨੇ 2019 ਵਿੱਚ ਆਪਣੇ ਮਾਪਿਆਂ ਦਾ ਕਤਲ ਕਰ ਦਿੱਤਾ ਸੀ। ਉਸ ਨੂੰ ਉਮਰ ਕੈਦ ਦੀ ਸਜ਼ਾ ਸੁਣਾਉਂਦੇ ਹੋਏ, ਚੇਮਸਫੋਰਡ ਕਰਾਊਨ ਕੋਰਟ ਨੇ ਕਿਹਾ ਕਿ ਇਸ ਘਿਣਾਉਣੀ ਕਾਰਵਾਈ ਨੇ ਮਾਪਿਆਂ ਅਤੇ ਬੱਚਿਆਂ ਵਿਚਕਾਰ ਵਿਸ਼ਵਾਸ ਨੂੰ ਪੂਰੀ ਤਰ੍ਹਾਂ ਤੋੜ ਦਿੱਤਾ ਹੈ। ਜੱਜ ਜੇਰੇਮੀ ਜੌਹਨਸਨ ਨੇ ਮਾਮਲੇ ਨੂੰ ਬਹੁਤ ਗੰਭੀਰ ਦੱਸਦਿਆਂ

ਆਵਾਜ਼ਿ ਕੌਮ AWAZE QAUM International Newspaper & WEB TV

ਕਿਹਾ ਕਿ ਵਰਜੀਨੀਆ ਵੱਲੋਂ ਕੀਤੇ ਗਏ ਅਪਰਾਧ ਨੇ ਪਰਿਵਾਰਕ ਰਿਸ਼ਤਿਆਂ ਨੂੰ ਠੇਸ ਪਹੁੰਚਾਈ ਹੈ। ਪਿਛਲੇ ਸਾਲ ਸਤੰਬਰ ਵਿੱਚ ਜਦੋਂ ਪੁਲਸ ਨੇ ਵਰਜੀਨੀਆ ਦੇ ਘਰ ਛਾਪਾ ਮਾਰਿਆ ਤਾਂ ਉਨ੍ਹਾਂ ਨੂੰ 2 ਲਾਸ਼ਾਂ ਮਿਲੀਆਂ। ਵਰਜੀਨੀਆ ਨੇ ਪੁਲਸ ਕੋਲ ਆਪਣਾ ਜੁਰਮ ਕਬੂਲ ਕਰ ਲਿਆ ਹੈ। ਉਸ ਨੇ ਦੱਸਿਆ ਕਿ ਉਸ ਨੇ ਆਪਣੇ 70 ਸਾਲਾ ਪਿਤਾ ਜੌਹਨ ਮੈਕੂਲਫ ਨੂੰ ਜ਼ਿਹਰ ਦੇ ਕੇ ਮਾਰਿਆ ਸੀ ਅਤੇ ਅਗਲੇ ਦਿਨ ਉਸਨੇ ਆਪਣੀ 70 ਸਾਲਾ ਮਾਂ 'ਤੇ ਹਥੌੜੇ ਨਾਲ ਹਮਲਾ ਕੀਤਾ ਅਤੇ ਫਿਰ ਚਾਕੂ ਨਾਲ ਉਸਦਾ ਕਤਲ ਕਰ ਦਿੱਤਾ। ਵਰਜੀਨੀਆ ਨੇ ਆਪਣੇ ਪਿਤਾ ਦੀ ਲਾਸ਼ ਨੂੰ ਇੱਕ ਪੱਥਰ ਦੇ ਮਕਬਰੇ ਵਿੱਚ ਰੱਖਿਆ ਅਤੇ ਆਪਣੀ ਮਾਂ ਦੀ ਲਾਸ਼ ਨੂੰ ਸਲੀਪਿੰਗ ਬੈਗ ਵਿੱਚ ਲਪੇਟ ਕੇ ਇੱਕ ਅਲਮਾਰੀ ਵਿੱਚ ਲੁਕਾ ਦਿੱਤਾ। ਉਸ ਨੇ ਪੁਲਸ ਨੂੰ ਉਹ ਹਥੌੜਾ ਅਤੇ ਚਾਕੂ ਵੀ ਦਿੱਤਾ, ਜਿਸ ਨਾਲ ਉਸ ਨੇ ਆਪਣੀ ਮਾਂ ਦਾ ਕਤਲ ਕੀਤਾ ਸੀ।



## ਕੁਲਦੀਪ ਧਾਲੀਵਾਲ ਤੇ ਹਰਜੋਤ ਬੈਂਸ ਦੀ ਸਰਪ੍ਰਸਤੀ ਹੇਠ ਚਲਦਾ ਨਜਾਇਜ਼ ਰੇਤੇ ਦਾ ਕਾਰੋਬਾਰ !

## ਮਜੀਠੀਆ ਨੇ ਵੀਡੀਓ ਸਾਂਝੀ ਕਰ ਲਾਏ ਦੋਸ਼



**ਚੰਡੀਗੜ੍ਹ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਮਾਈਨਿੰਗ ਦੇ ਮੁੱਦੇ ਉੱਤੇ ਦਹਾਕਿਆਂ ਤੋਂ ਸਿਆਸਤ ਹੋ ਰਹੀ ਹੈ, ਪੰਜਾਬ ਸਰਕਾਰ ਨੇ ਇਸ ਤੋਂ 20 ਹਜ਼ਾਰ ਕਰੋੜ ਦੀ ਕਮਾਈ ਹੋਣ ਦੀ ਗੱਲ ਕਹੀ ਸੀ ਹਾਲਾਂਕਿ ਇਸ ਤੋਂ ਜੋ ਸੂਬੇ ਦੇ ਖ਼ਜ਼ਾਨੇ ਵਿੱਚ ਗਿਆ ਉਹ ਜੱਗ ਜ਼ਾਹਰ ਹੈ। ਇਸ ਮੌਕੇ ਪੰਜਾਬ ਸਰਕਾਰ ਦੇ ਮੰਤਰੀਆਂ ਉੱਤੇ ਹੀ ਗ਼ੈਰ ਕਾਨੂੰਨੀ ਮਾਈਨਿੰਗ ਕਰਨ ਦੇ ਇਲਜ਼ਾਮ ਲੱਗ ਰਹੇ ਹਨ। ਇਸ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੇ ਲੀਡਰ ਬਿਕਰਮ ਸਿੰਘ ਮਜੀਠੀਆ ਨੇ ਵੱਡਾ ਦਾਅਵਾ ਕੀਤਾ ਹੈ। ਬਿਕਰਮ ਸਿੰਘ ਮਜੀਠੀਆ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਕੁਲਦੀਪ ਧਾਲੀਵਾਲ ਦੀ ਨਿਗਰਾਨੀ ਹੇਠ ਨਜਾਇਜ਼ ਮਾਈਨਿੰਗ ਚਲਦੀ ਹੈ। ਨਾਜਾਇਜ਼ ਰੇਤਾ ਦਾ ਧੰਦਾ ਆਪ ਦੇ ਦੋ ਮੰਤਰੀ ਹਰਜੋਤ ਬੈਂਸ ਤੇ ਕੁਲਦੀਪ ਧਾਲੀਵਾਲ ਦੇ ਸਰਪ੍ਰਸਤੀ ਹੇਠ ਚਲਦਾ ਹੈ। ਮਜੀਠੀਆ ਨੇ ਕਿਹਾ ਕਿ ਇਸ ਮਾਮਲੇ ਦੀ ਸੀ. ਬੀ. ਆਈ. ਜਾਂਚ ਹੋਣੀ ਚਾਹੀਦੀ ਹੈ। ਮਜੀਠੀਆ ਨੇ ਵੀਡੀਓ ਸਾਂਝੀ ਕਰਦਿਆਂ ਲਿਖਿਆ, ਕੁਦਰਤੀ ਸਰੋਤਾਂ ਦੀ ਲੁੱਟ ਹੋ ਰਹੀ ਹੈ, ਭਾਰਤ ਪਾਕਿਸਤਾਨ ਸਰਹੱਜ ਉੱਤੇ ਇਹ 20 ਦਿਨਾਂ ਵਿਚਾਲੇ ਦਾ ਦੂਜਾ ਮਾਮਲਾ ਹੈ। ਇਹ ਵੀਡੀਓ ਪਿੰਡ- ਧੰਗਈ ,ਇਲਾਕਾ- ਰਮਦਾਸ, ਹਲਕਾ- ਅਜਨਾਲਾ ਦੀ ਹੈ। ਮਜੀਠੀਆ ਨੇ ਕਿਹਾ ਕਿ ਪਿਛਲੇ 20 ਦਿਨਾਂ ਤੋਂ 60 ਤੋਂ 70 ਟਰੱਕ ਦਿਨ ਰਾਤ ਭਾਰਤ ਪਾਕਿਸਤਾਨ ਸਰਹੱਦ ਤੇ ਨਜਾਇਜ਼ ਮਾਈਨਿੰਗ ਵਿੱਚ ਲੱਗੇ ਹੋਏ ਹਨ। ਇਸ ਇਲਾਕੇ 'ਚ ਪਹਿਲਾਂ ਵੀ ਮਾਈਨਿੰਗ ਹੋ ਰਹੀ ਸੀ ਜਿਸ ਦਾ ਮੁੱਦਾ ਸਮੇਂ ਸਮੇਂ ਤੇ ਉਠਾਉਂਦੇ ਰਹੇ ਹਾਂ ਪਰ ਮਾਈਨਿੰਗ ਤੋਂ 20 ਹਜ਼ਾਰ ਕਰੋੜ ਕਮਾਉਣ ਦੇ ਦਾਅਵੇ ਕਰਨ ਵਾਲੇ ਬਦਲਾਵ ਵਾਲਿਆਂ ਨੇ ਕੋਈ ਵੀ ਕਾਰਵਾਈ ਨਹੀਂ ਕੀਤੀ। ਸ਼੍ਰੋਮਣੀ ਅਕਾਲੀ ਦਲ ਦੇ ਲੀਡਰ ਨੇ ਕਿਹਾ ਕਿ ਭਾਰਤ-ਪਾਕਿਸਤਾਨ ਸਰਹੱਦ 'ਤੇ ILLEGAL MINING ਇੱਕ ਬੇਹੱਦ ਸੰਵੇਦਨਸ਼ੀਲ ਮੁੱਦਾ ਹੈ। ਮੈਂ ਸੀਬੀਆਈ ਨੂੰ ਇਸ ਮਾਮਲੇ ਦੀ ਜਾਂਚ ਕਰਨ ਦੀ ਬੇਨਤੀ ਕਰਦਾ ਹਾਂ ਤਾਂ ਜੋ ਦੇਸ਼ ਦੀ ਸੁਰੱਖਿਆ ਨਾਲ ਕੋਈ ਖਿਲਵਾੜ ਨਾ ਕਰ ਸਕੇ।

## ਪੰਚਾਇਤੀ ਚੋਣਾਂ 'ਚ ਧਾਂਦਲੀ ਦਾ ਸ਼ੱਕ !

## 24 ਪਿੰਡਾਂ ਦੀਆਂ ਚੋਣਾਂ ਹੋਈਆਂ ਰੱਦ, ਨਾਮਜ਼ਦਗੀ ਤੇ ਫਾਰਮ ਵਾਪਸ ਲੈਣ ਵੇਲੇ ਕੀਤੇ ਦਸਤਖ਼ਤ ਨਹੀਂ ਖਾਂਦੇ ਮੇਲ

**ਚੰਡੀਗੜ੍ਹ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਚੋਣ ਕਮਿਸ਼ਨ ਨੇ ਸ੍ਰੀ ਮੁਕਤਸਰ ਸਾਹਿਬ ਦੇ ਕਸਬਾ ਗਿੱਦੜਬਾਹਾ ਦੇ 24 ਪਿੰਡਾਂ ਦੀਆਂ ਪੰਚਾਇਤੀ ਚੋਣਾਂ ਰੱਦ ਕਰ ਦਿੱਤੀਆਂ ਹਨ। ਉਪਰੋਕਤ ਮਾਮਲੇ ਸਬੰਧੀ ਜਾਣਕਾਰੀ ਪੰਜਾਬ ਚੋਣ ਕਮਿਸ਼ਨ ਵੱਲੋਂ ਜਾਰੀ ਹੁਕਮਾਂ ਵਿੱਚ ਦਿੱਤੀ ਗਈ ਹੈ। ਇਹ ਫ਼ੈਸਲਾ ਨਾਮਜ਼ਦਗੀ ਵਾਪਸ ਲੈਣ ਸਬੰਧੀ ਹੋਈ ਧੋਖਾਧੜੀ ਦੇ ਆਧਾਰ 'ਤੇ ਲਿਆ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਨਾਮਜ਼ਦਗੀ ਅਤੇ ਫਾਰਮ ਵਾਪਸ ਲੈਣ ਸਮੇਂ ਫਾਰਮ 'ਤੇ ਕੀਤੇ ਦਸਤਖ਼ਤ ਮੇਲ ਨਹੀਂ ਖਾਂਦੇ ਸਨ ਜਿਸ ਕਾਰਨ 24 ਪਿੰਡਾਂ ਵਿੱਚ ਪੰਚਾਇਤੀ ਚੋਣਾਂ 'ਤੇ ਰੋਕ ਲਗਾ ਦਿੱਤੀ ਗਈ ਹੈ। ਜ਼ਿਕਰ ਕਰ ਦਈਏ ਕਿ ਪੰਜਾਬ ਵਿੱਚ ਪੰਚਾਇਤੀ ਚੋਣਾਂ ਨੂੰ ਲੈ ਕੇ ਕਰੀਬ 300 ਨਵੀਆਂ ਪਟੀਸ਼ਨਾਂ ਦਾਇਰ ਕੀਤੀਆਂ ਗਈਆਂ ਹਨ ਜਿਸ ਦੀ ਸੁਣਵਾਈ ਅਦਾਲਤ ਨੇ 14 ਅਕਤੂਬਰ ਤੱਕ ਟਾਲ ਦਿੱਤੀ ਹੈ। ਇਸ ਤੋਂ ਪਹਿਲਾਂ ਬੁੱਧਵਾਰ ਨੂੰ ਕਰੀਬ 250 ਪੰਚਾਇਤਾਂ ਅਜਿਹੀਆਂ ਸਨ, ਜਿਨ੍ਹਾਂ ਦੀ ਚੋਣ ਪ੍ਰਕਿਰਿਆ 'ਤੇ ਹਾਈ ਕੋਰਟ ਨੇ ਰੋਕ ਲਗਾ ਦਿੱਤੀ ਸੀ। ਇਸ ਸਬੰਧੀ ਅਦਾਲਤ ਦਾ ਵਿਸਥਾਰਤ ਹੁਕਮ ਆ ਗਿਆ ਹੈ। ਅਦਾਲਤ ਨੇ ਉਕਤ ਪੰਚਾਇਤਾਂ ਦੀ ਚੋਣ ਪ੍ਰਕਿਰਿਆ 'ਤੇ 16 ਅਕਤੂਬਰ ਤੱਕ ਰੋਕ ਲਗਾ ਦਿੱਤੀ ਹੈ। ਹਾਈਕੋਰਟ ਨੇ ਨਾਮਜ਼ਦਗੀ ਰੱਦ ਕਰਨ 'ਤੇ ਸਖ਼ਤ ਟਿੱਪਣੀ ਕੀਤੀ ਹੈ। ਅਦਾਲਤ ਦਾ ਕਹਿਣਾ ਹੈ ਕਿ ਚੋਣ ਪ੍ਰਕਿਰਿਆ ਪਾਰਦਰਸ਼ੀ ਹੋਣੀ ਚਾਹੀਦੀ ਹੈ। ਲੋਕਾਂ ਦੇ ਭਰੋਸੇ ਲਈ ਪਾਰਦਰਸ਼ੀ ਪ੍ਰਕਿਰਿਆ ਜ਼ਰੂਰੀ ਹੈ। ਵੋਟ ਪਾਉਣਾ ਸਿਰਫ਼ ਸੰਵਿਧਾਨਕ ਹੀ ਨਹੀਂ ਸਗੋਂ ਕਾਨੂੰਨੀ ਅਧਿਕਾਰ ਵੀ ਹੈ। ਕੁਝ ਉਮੀਦਵਾਰਾਂ ਦੀਆਂ ਨਾਮਜ਼ਦਗੀਆਂ ਮਾਮੂਲੀ ਕਾਰਨਾਂ ਕਰਕੇ ਰੱਦ ਕਰ ਦਿੱਤੀਆਂ ਗਈਆਂ, ਜੋ ਕਿ ਸਰਾਸਰ ਗ਼ਲਤ ਹੈ। ਇਸ ਨੂੰ ਰੱਦ ਨਹੀਂ ਕੀਤਾ ਜਾ ਸਕਦਾ। ਅਜਿਹੀ ਸਥਿਤੀ ਵਿੱਚ ਚੋਣਾਂ ਹੋਣੀਆਂ ਚਾਹੀਦੀਆਂ ਹਨ। ਚੋਣਾਂ ਰੱਦ ਹੋਣ 'ਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਤੇ ਲੁਧਿਆਣਾ ਸੀਟ ਤੋਂ ਲੋਕ ਸਭਾ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ- ਗਿੱਦੜਬਾਹਾ ਵਾਸੀਆਂ ਨੂੰ ਵਧਾਈ। ਚੋਣ ਕਮਿਸ਼ਨ ਨੇ ਦੁਸਹਿਰੇ 'ਤੇ ਵੱਡਾ ਫੈਸਲਾ ਲਿਆ ਹੈ। ਇਹ ਸਾਡੀ ਜਿੱਤ ਹੈ ਤੇ ਅਸੀਂ ਸਰਕਾਰ ਵਿਰੁੱਧ ਆਪਣੀ ਲੜਾਈ ਜਾਰੀ ਰੱਖਾਂਗੇ। ਪੰਜਾਬ ਦੇ ਕਿਸੇ ਵੀ ਵਿਅਕਤੀ ਨਾਲ ਧੱਕਾ ਨਹੀਂ ਹੋਣ ਦਿੱਤਾ ਜਾਵੇਗਾ।



## ਰਵਨੀਤ ਬਿੱਟੂ ਹੋ ਸਕਦੇ ਨੇ ਪੰਜਾਬ ਭਾਜਪਾ ਦੇ ਨਵੇਂ ਪ੍ਰਧਾਨ, ਜਾਖੜ ਨੂੰ ਹਟਾਉਣ ਲਈ ਲਿਖਿਆ ਮੰਗ ਪੱਤਰ !

**ਚੰਡੀਗੜ੍ਹ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਜਾਖੜ ਦੇ ਅਸਤੀਫੇ ਦੀ ਖ਼ਬਰ ਤੋਂ ਬਾਅਦ ਤੋਂ ਹੀ ਪੰਜਾਬ ਭਾਜਪਾ ਦੇ ਕਈ ਸੀਨੀਅਰ ਆਗੂ ਉਨ੍ਹਾਂ ਤੋਂ ਨਾਰਾਜ਼ ਹਨ ਜਿਸ ਕਾਰਨ ਇਹ ਫੈਸਲਾ ਲਿਆ ਗਿਆ ਹੈ। ਇਸ ਸਬੰਧੀ ਹਾਈਕਮਾਂਡ ਨੂੰ ਪੱਤਰ ਵੀ ਭੇਜਿਆ ਗਿਆ ਸੀ ਜਿਸ ਵਿੱਚ ਸੁਨੀਲ ਜਾਖੜ ਨੂੰ ਪ੍ਰਧਾਨ ਦੇ ਅਹੁਦੇ ਤੋਂ ਹਟਾਉਣ ਦੀ ਮੰਗ ਕੀਤੀ ਗਈ। ਪੰਜਾਬ ਭਾਜਪਾ 'ਚ ਜਲਦ ਹੀ ਵੱਡੇ ਬਦਲਾਅ ਹੋ ਸਕਦੇ ਹਨ। ਸੂਤਰਾਂ ਮੁਤਾਬਕ ਕੇਂਦਰੀ ਰਾਜ ਮੰਤਰੀ ਰਵਨੀਤ ਬਿੱਟੂ ਨੂੰ ਪੰਜਾਬ ਭਾਜਪਾ ਪ੍ਰਧਾਨ ਦੇ ਅਹੁਦੇ ਦੀ ਜ਼ਿੰਮੇਵਾਰੀ ਦਿੱਤੀ ਜਾ ਸਕਦੀ ਹੈ। ਪੰਜਾਬ ਭਾਜਪਾ ਦੇ ਮੌਜੂਦਾ ਪ੍ਰਧਾਨ ਸੁਨੀਲ ਜਾਖੜ ਨੂੰ ਉਸ ਅਹੁਦੇ ਤੋਂ ਹਟਾਇਆ ਜਾ ਸਕਦਾ ਹੈ। ਦਰਅਸਲ ਪਿਛਲੇ ਕੁਝ ਸਮੇਂ ਤੋਂ ਸੁਨੀਲ ਜਾਖੜ ਦੇ ਅਸਤੀਫੇ ਦੀ ਚਰਚਾ ਤੇਜ਼ ਹੋ ਗਈ ਸੀ। ਜਿਸ ਤੋਂ ਬਾਅਦ ਪੰਜਾਬ ਭਾਜਪਾ 'ਚ ਖਲਬਲੀ ਮਚ ਗਈ। ਹਾਲਾਂਕਿ ਭਾਜਪਾ ਦੀ ਸੀਨੀਅਰ ਲੀਡਰਸ਼ਿਪ ਨੇ ਜਾਖੜ ਦੇ ਅਸਤੀਫੇ ਦੀਆਂ ਖਬਰਾਂ ਦਾ ਖੰਡਨ ਕੀਤਾ ਸੀ। ਭਾਜਪਾ ਨੇ ਇਸ ਸਬੰਧ 'ਚ ਅਜੇ ਤੱਕ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਹੈ ਪਰ ਭਾਜਪਾ ਨਾਲ ਜੁੜੇ ਸੂਤਰਾਂ ਦਾ ਕਹਿਣਾ ਹੈ ਕਿ ਕੇਂਦਰੀ ਰਾਜ ਮੰਤਰੀ ਰਵਨੀਤ ਬਿੱਟੂ ਨੂੰ ਜਲਦੀ ਹੀ ਪੰਜਾਬ ਭਾਜਪਾ ਦਾ ਮੁਖੀ ਬਣਾਇਆ ਜਾ ਸਕਦਾ ਹੈ। ਜਾਖੜ ਦੇ ਅਸਤੀਫੇ ਦੀ ਖ਼ਬਰ ਤੋਂ ਬਾਅਦ ਤੋਂ ਹੀ ਪੰਜਾਬ ਭਾਜਪਾ ਦੇ ਕਈ ਸੀਨੀਅਰ ਆਗੂ ਉਨ੍ਹਾਂ ਤੋਂ ਨਾਰਾਜ਼ ਹਨ ਜਿਸ ਕਾਰਨ ਇਹ ਫੈਸਲਾ ਲਿਆ ਗਿਆ ਹੈ। ਇਸ ਸਬੰਧੀ ਹਾਈਕਮਾਂਡ ਨੂੰ ਪੱਤਰ ਵੀ ਭੇਜਿਆ ਗਿਆ ਸੀ ਜਿਸ ਵਿੱਚ ਸੁਨੀਲ ਜਾਖੜ ਨੂੰ ਪ੍ਰਧਾਨ ਦੇ ਅਹੁਦੇ ਤੋਂ ਹਟਾਉਣ ਦੀ ਮੰਗ ਕੀਤੀ ਗਈ। ਪੰਜਾਬ ਭਾਜਪਾ ਦੇ ਸੀਨੀਅਰ ਆਗੂ ਹਰਜੀਤ ਗਰੇਵਾਲ ਨੇ ਕਿਹਾ- ਕੇਂਦਰੀ ਲੀਡਰਸ਼ਿਪ ਸੋਚ-ਵਿਚਾਰ ਕਰਕੇ ਨਵੇਂ ਪ੍ਰਧਾਨ ਬਾਰੇ ਫੈਸਲਾ ਲਵੇਗੀ ਪਰ ਜਦੋਂ ਤੱਕ ਜਾਖੜ ਪ੍ਰਧਾਨ ਹਨ ਉਦੋਂ ਤੱਕ ਉਹ ਉਨ੍ਹਾਂ ਨਾਲ ਕੰਮ ਕਰਨਗੇ। ਹਰਜੀਤ ਗਰੇਵਾਲ ਨੇ ਦਾਅਵਾ ਕੀਤਾ ਕਿ ਜਾਖੜ ਭਾਜਪਾ ਨਾਲ ਹੀ ਰਹਿਣਗੇ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**


## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਏ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ


24 SERVICE EVERYDAY HOURS
Enjoy Real Taste of PUNJAB
PURE AND NATURAL 100% VEGETARIAN
KD
FULLY A.C. HALL
Khehra
VAISHNO DHABA
BREAKFAST LUNCH DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮੁਕਤਾ ਕੰਨਾ ਸਿਹਾਰੀ ਬਿਹਾਰੀ
ਔਂਕੜ ਦੁਲੈਂਕੜ ਲਾਂ ਦੁਲਾਵਾਂ
ਹੋੜਾ ਕਨੌੜਾ ਟਿੱਪੀ ਕੰਨਾ-ਬਿੰਦੀ
www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote







KHALSA FORGE


Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715128621



DHAN DHAN SRI GURU NANAK DEV JI'S PARKASH PURAB
SANDWELL
NAGAR KIRTAN
ਨਗਰ ਕੀਰਤਨ
SUNDAY 3 NOV 2024
GURDWARA GURU HAR RAI SAHIB JI START 9.00AM
George Street, West Bromwich
GURU NANAK GURDWARA 11.00AM
Edward Street, West Bromwich
GURDWARA AMRIT PARCHAR DHARMIK DIWAN 1.00PM
Birmingham Road, Oldbury
GURDWARA GURU MANEYO GRANTH 2.00PM
Popes Lane, Oldbury
GURDWARA BABA SANG 3.15PM
St Paul's Road, Smethwick
GURU NANAK GURDWARA SMETHWICK 4.00pm FINISH
High Street, Smethwick
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਅਰੰਭਤਾ: ੯.੦੦ ਵਜੇ
ਜੋਰਜ ਸਟਰੀਟ ਵੈਸਟ ਬ੍ਰਮਵਿਚ
ਗੁਰੂ ਨਾਨਕ ਗੁਰਦੁਆਰਾ, ੧੧.੦੦ ਵਜੇ
ਏਡਵਰਡ ਸਟਰੀਟ ਵੈਸਟ ਬ੍ਰਮਵਿਚ
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ੧.੦੦ ਵਜੇ
ਬ੍ਰਮਿੰਘਮ ਰੋਡ, ਓਲਡਬਰੀ
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ੨.੦੦ ਵਜੇ
ਪੋਪਸ ਲੇਨ, ਓਲਦਬਰੀ
ਗੁਰਦੁਆਰਾ ਬਾਬਾ ਸੰਗ ਜੀ ੩.੧੫ ਵਜੇ
ਸਟ. ਪੌਲਜ਼ ਰੋਡ, ਸਮੈਦਿਕ
ਗੁਰੂ ਨਾਨਕ ਗੁਰਦੁਆਰਾ ਸਮਾਪਤੀ: ੪.੦੦ ਵਜੇ
ਸਮੈਦਿਕ
ਆਵਾਜ਼ਿ ਕੌਮ AWAZE QAUM International Newspaper & WEB TV
GURU HAR RAI GURDWARA SAHIB - 0121 553 7219
GURU NANAK GURDWARA SMETHWICK - 0121 558 2527
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
GURU NANAK GURDWARA SMETHWICK
The Council of Sikh Gurdwaras in Sandwell

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## ਜਨਮ ਦਿਵਸ ਭਾਈ ਤਾਰੂ ਸਿੰਘ ਜੀ

ਸ਼ਹੀਦੀ ਦਿਵਸ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।



ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਵਿਰਕ ਪ੍ਰਵਾਰ ਵੱਲੋਂ ਲਈ ਗਈ ਹੈ।

ਸ਼ਨਿੱਚਰਵਾਰ 12 ਅਕਤੂਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 13 ਅਕਤੂਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ। ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਅਤੇ ਕੀਰਤਨ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਸਮੂਹ ਸਿੱਖ ਸੰਗਤਾਂ ਨੂੰ ਸ਼ਹੀਦ ਭਾਈ ਸੁਖਦੇਵ ਸਿੰਘ ਜੀ ਸੁੱਖਾ ਅਤੇ ਸ਼ਹੀਦ ਭਾਈ ਹਰਜਿੰਦਰ ਸਿੰਘ ਜੀ ਜਿੰਦਾ ਦੀ ਯਾਦ ਵਿੱਚ 13 ਅਕਤੂਬਰ ਦਿਨ ਐਤਵਾਰ ਨੂੰ ਸਵੇਰੇ 10 ਵਜੇ ਤੋਂ ਗੁਰੂ ਅਰਜਨ ਦੇਵ ਗੁਰਦੁਆਰਾ ਡਰਬੀ ਵਿਖੇ ਸਲਾਨਾ ਮਹਾਨ ਸ਼ਹੀਦੀ ਸਮਾਗਮ ਵਿੱਚ ਸ਼ਾਮਲ ਹੋਣ ਦਾ ਖੁੱਲ੍ਹਾ ਸੱਦਾ।

Open invitation to all Sikh sangat to attend the Annual Mahan Shaheedi Smagam in memory of Shaheed Bhai Sukhdev Singh Ji Sukha and Shaheed Bhai Harjinder Singh Ji Jinda on Sunday 13 October at Guru Arjan Dev Gurdwara Derby from 10am

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਪੰਚਾਇਤ ਚੋਣਾਂ 2024
ਪਿੰਡ ਕੋਟ ਖਜ਼ਾਨਾ
ਸਰਪੰਚ ਉਮੀਦਵਾਰ
ਚੋਣ ਨਿਸ਼ਾਨ
ਰੁੱਖ
ਹਰਪ੍ਰੀਤ ਸਿੰਘ ਕੋਕੀ
ਪੰਚ ਉਮੀਦਵਾਰ
ਵਾਰਡ ਨੰ : 1
ਬੀਬੀ ਮਨਜੀਤ ਕੌਰ
ਚੋਣ ਨਿਸ਼ਾਨ
ਕੂਕਰ
ਵਾਰਡ ਨੰ : 2
ਬਿਕਰਮਜੀਤ ਸਿੰਘ ਬਿੱਕਾ
ਚੋਣ ਨਿਸ਼ਾਨ
ਕੈਂਚੀ
ਵਾਰਡ ਨੰ : 3
ਗੁਰਵਿੰਦਰ ਸਿੰਘ ਵਿਸ਼ਾਲ
ਚੋਣ ਨਿਸ਼ਾਨ
ਮਾਚਿਸ
ਵਾਰਡ ਨੰ : 4
ਅਵਤਾਰ ਸਿੰਘ ਬਿੱਟੂ
ਚੋਣ ਨਿਸ਼ਾਨ
ਸਿਲੰਡਰ
ਵਾਰਡ ਨੰ : 5
ਬੀਬੀ ਕਵਲਜੀਤ ਕੌਰ
ਚੋਣ ਨਿਸ਼ਾਨ
ਫੁੱਟਬਾਲ
ਪਿੰਡ ਦੇ ਵਿਕਾਸ ਤੇ ਚੰਗੇ ਭਵਿੱਖ ਲਈ 15 ਅਕਤੂਬਰ ਨੂੰ ਨੌਜਵਾਨ , ਪੜੇ ਲਿਖੇ , ਗੁਰਸਿੱਖ ਸਰਪੰਚ
ਹਰਪ੍ਰੀਤ ਸਿੰਘ ਕੋਕੀ ਦੀ ਅਗਵਾਹੀ ਵਾਲੀ ਪੰਚਾਇਤ ਨੂੰ ਆਪਣਾ ਕੀਮਤੀ ਵੋਟ ਪਾ ਕੇ ਕਾਮਯਾਬ ਕਰੋ ਜੀ




ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਸੋਢੀ ਸੁਲਤਾਨ ਧੰਨ ਧੰਨ ਸਤਿਗੁਰੂ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ
ਪ੍ਰਕਾਸ਼ ਉਤਸਵ ਨੂੰ ਸਮਰਪਿਤ
ਗੁਰਮਤਿ ਸਮਾਗਮ
14 ਤੋਂ 19 ਅਕਤੂਬਰ ਤੱਕ
ਪਿੰਡ ਮਹਿਤਾ ਵਿਖੇ ਕਰਵਾਇਆ ਜਾ ਰਿਹਾ ਹੈ।
LIVE ON
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ
ਗਿਆਨੀ ਗੁਰਦੀਪ ਸਿੰਘ ਜੀ
ਹੈੱਡ ਗ੍ਰੰਥੀ ਦਮਦਮੀ ਟਕਸਾਲ
ਗਿਆਨੀ ਰਫ਼ਪਾਲ ਸਿੰਘ ਜੀ
ਬਾਬਾ ਬਕਾਲਾ ਸਾਹਿਬ
ਗਿਆਨੀ ਕੁਲਦੀਪ ਸਿੰਘ ਜੀ
ਦਮਦਮੀ ਟਕਸਾਲ
ਗਿਆਨੀ ਸਿਮਰਨਜੀਤ ਸਿੰਘ ਜੀ
ਦਮਦਮੀ ਟਕਸਾਲ
ਰਾਗੀ ਭਾਈ ਰਣਜੀਤ ਸਿੰਘ ਜੀ
ਦਮਦਮੀ ਟਕਸਾਲ
ਰਾਗੀ ਭਾਈ ਗੁਰਪਿੰਦਰ ਸਿੰਘ ਜੀ
ਦਮਦਮੀ ਟਕਸਾਲ
ਭਾਈ ਸੰਦੀਪ ਸਿੰਘ ਜੀ
ਬੁੱਟਰ
ਰਾਗੀ ਭਾਈ ਗੁਲਜਾਰ ਸਿੰਘ ਜੀ
ਬੁੱਟਰ
ਰਾਗੀ ਭਾਈ ਅੰਮਿਤਪਾਲ ਸਿੰਘ ਜੀ
ਦਮਦਮੀ ਟਕਸਾਲ
ਰਾਗੀ ਭਾਈ ਗੁਰਮੰਨਤਪ੍ਰੀਤ ਸਿੰਘ ਜੀ
ਦਮਦਮੀ ਟਕਸਾਲ
ਰਾਗੀ ਭਾਈ ਹਰਪ੍ਰੀਤ ਸਿੰਘ ਜੀ
ਦਮਦਮੀ ਟਕਸਾਲ
ਰਾਗੀ ਭਾਈ ਲਵਜੀਤ ਸਿੰਘ ਜੀ
ਦਮਦਮੀ ਟਕਸਾਲ
ਭਾਈ ਨਰਿੰਦਰ ਸਿੰਘ




ਪੰਚਾਇਤ ਚੋਣਾ 2024
ਪਿੰਡ ਖਜ਼ਾਨੇ ਕੋਟ
ਤੋਂ
ਪੜੇ ਲਿਖੇ ਸੂਝਵਾਨ ਗੁਰਸਿੱਖ ਨੌਜਵਾਨ
ਸਰਪੰਚੀ ਦੇ ਉਮੀਦਵਾਰ
ਹਰਪ੍ਰੀਤ ਸਿੰਘ ਕੋਕੀ
ਨੂੰ
ਆਪਣਾ ਕੀਮਤੀ ਵੋਟ ਪਾ ਕੇ ਕਾਮਯਾਬ ਕਰੋ
ਪਿੰਡ ਦੇ ਵਿਕਾਸ ਤੇ ਚੰਗੇ ਭਵਿੱਖ ਲਈ ਪਿੰਡ ਦੀ ਵਾਗਡੋਰ ਨੌਜਵਾਨਾਂ ਦੇ ਹੱਥ ਵਿੱਚ ਦਿਓ ਜੀ


ਨਗਰ ਪੰਚਾਇਤ ਗੁਰੂਪੁਰਾ (ਰੋਡੇ)
GURUPURA RODE
ਸਰਪੰਚ ਦੀ ਚੋਣ
ਲੜ ਰਹੇ
ਗੁਰਸਿੱਖ, ਇਮਾਨਦਾਰ
ਅਤੇ ਮਿਹਨਤੀ ਉਮੀਦਵਾਰ
ਬੀਬੀ ਕੁਲਦੀਪ ਕੌਰ
Bibi Kuldip Kaur
ਚੋਣ ਨਿਸ਼ਾਨ
ਬਾਲਟੀ
M. 94636-84804
ਨੂੰ ਆਉਣ ਵਾਲੀ 15 ਅਕਤੂਬਰ ਨੂੰ ਆਪਣਾ
ਇੱਕ ਇੱਕ ਕੀਮਤੀ ਵੋਟ ਪਾ ਕੇ ਕਾਮਯਾਬ ਕਰੋ।
ਜਾਰੀ ਕਰਤਾ: ਸਮੂਹ ਨਗਰ ਨਿਵਾਸੀ ਅਤੇ ਨੌਜਵਾਨ, ਗੁਰੂਪੁਰਾ (ਰੋਡੇ)
GURUPURA RODE

ਹਠੂਰ ਤੋਂ ਸਰਪੰਚੀ ਦੇ ਉਮੀਦਵਾਰ ਪ੍ਰਮਿੰਦਰ ਸਿੰਘ ਹਠੂਰ ਨੇ ਸਮਰਥਕਾਂ ਨੂੰ ਨਾਲ ਲੈਕੇ ਲਾਇਆ ਪੂਰੇ ਨਗਰ ਦਾ ਗੇੜਾ

# ਸਮੂਹ ਨਗਰ ਦੇ ਲੋਕਾਂ ਵੱਲੋਂ ਵੱਡਾ ਭਰਵਾਂ ਹੁੰਗਾਰਾ : ਪ੍ਰਮਿੰਦਰ ਸਿੰਘ



**ਹਠੂਰ/ ਜਗਰਾਉਂ, (ਵਰਿਆਮ ਹਠੂਰ)**-ਕਸਬਾ ਹਠੂਰ ਤੋਂ ਸਰਪੰਚੀ ਦੀ ਚੋਣ ਲਈ ਚੋਣ ਮੈਦਾਨ ਵਿੱਚ ਡਟੇ ਹੋਏ ਉਮੀਦਵਾਰ ਪ੍ਰਮਿੰਦਰ ਸਿੰਘ ਹਠੂਰ ਨੇ ਅੱਜ ਆਪਣੇ ਸਮਰਥਕਾਂ ਨੂੰ ਨਾਲ ਲੈਕੇ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਦੀ ਗੂੰਜ ਵਿੱਚ ਪੂਰੇ ਨਗਰ ਦਾ ਗੇੜਾ ਲਗਾਇਆ ਤੇ ਵੱਖ ਵੱਖ ਜਗ੍ਹਾ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ, ਗੱਲਬਾਤ ਕਰਦਿਆਂ ਉਮੀਦਵਾਰ ਪ੍ਰਮਿੰਦਰ ਸਿੰਘ ਹਠੂਰ ਨੇ ਕਿਹਾ ਕਿ ਨਗਰ ਦੇ ਲੋਕਾਂ ਦਾ ਉਨ੍ਹਾਂ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਮੈਂ ਸਾਰਿਆਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਜੋ ਇੰਨ੍ਹਾਂ ਪਿਆਰ ਬਖ਼ਸ਼ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਨਗਰ ਨੇ ਉਨ੍ਹਾਂ ਨੂੰ ਵੋਟ ਪਾ ਕੇ ਜਿੱਤ ਹਾਸਲ ਕਰਵਾਈ ਤਾਂ ਉਹ ਵਾਅਦਾ ਕਰਦੇ ਹਨ ਕਿ ਨਗਰ ਨੂੰ ਤਰੱਕੀ ਵੱਲ ਲੈ ਕੇ ਜਾਣਗੇ, ਜੋ ਵੀ ਨਗਰ ਦੀਆਂ ਸਮੱਸਿਆਂਵਾਂ ਹਨ। ਉਨ੍ਹਾਂ ਨੂੰ ਪੂਰੀ ਪਲਾਇੰਨਗ ਕਰਕੇ ਉਨ੍ਹਾਂ ਤੇ ਕੰਮ ਕਰਾਂਗੇ, ਤੇ ਲੋਕਾਂ ਦੀਆਂ ਆਸਾਂ, ਉਮੀਦਾਂ ਤੇ ਖਰੇ ਉੱਤਰਾਂਗੇ, ਅੰਤ ਵਿੱਚ ਉਨ੍ਹਾਂ ਕਿਹਾ ਕਿ ਚੋਣਾਂ ਵਿੱਚ ਸਾਰੇ ਉਮੀਦਵਾਰ ਆਪੋ ਆਪਣਾ ਚੋਣ ਪ੍ਰਚਾਰ ਕਰਨ ਲਈ ਪੂਰਾ ਜ਼ੋਰ ਲਗਾਉਂਦੇ ਹਨ। ਪਰ ਅਕਸਰ ਜਿੱਤ ਤਾਂ ਸਾਰੇ ਉਮੀਦਵਾਰਾਂ ਵਿਚੋਂ ਇੱਕ ਉਮੀਦਵਾਰ ਦੀ ਹੋਣੀ ਹੁੰਦੀ ਹੈ। ਉਹ ਫੈਸਲਾ ਵੋਟਰਾਂ ਦੇ ਹੱਥ ਵਿੱਚ ਹੈ। ਕਿ ਕਿਸ ਨੂੰ ਮਾਣ ਬਖਸ਼ਣਾ ਹੈ। ਅਸੀਂ ਸਾਰਿਆਂ ਨੇ ਨਗਰ ਵਿੱਚ ਰਹਿਣਾ ਹੈ। ਤਾਂ ਸਾਨੂੰ ਸਾਰਿਆਂ ਨੂੰ ਆਪਸੀ ਭਾਈਚਾਰਕ ਸਾਂਝ ਕਾਇਮ ਰੱਖਣੀ ਚਾਹੀਦੀ ਹੈ। ਤੇ ਕਿਸੇ ਕਿਸਮ ਦੇ ਲੜਾਈ ਝਗੜੇ ਤੋਂ ਬਿਨਾਂ ਸ਼ਾਂਤਮਈ ਢੰਗ ਨਾਲ ਅਤੇ ਵਧੀਆ ਤਰੀਕੇ ਨਾਲ ਚੋਣਾਂ ਦਾ ਕੰਮ ਸਿਰੇ ਚੜ੍ਹਾਉਣਾ ਚਾਹੀਦਾ ਹੈ। ਇਸ ਮੌਕੇ ਉਨ੍ਹਾਂ ਨਾਲ ਅਨੇਕਾਂ ਸਮਰਥਕ ਹਾਜ਼ਰ ਸਨ।

ਹਠੂਰ ਵਿੱਚ ਬੀਬੀ ਗੁਰਮੀਤ ਕੌਰ ਨੂੰ ਜੈਕਾਰਿਆਂ ਦੀ ਗੂੰਜ ਵਿੱਚ ਸਿਰੋਪਾਓ ਪਾ ਕੇ ਕੀਤਾ ਸਨਮਾਨਿਤ

# ਵਾਰਡ ਨੰਬਰ 11 ਦੇ ਵਾਸੀਆਂ ਵੱਲੋਂ ਵੱਡੀ ਲੀਡ ਨਾਲ ਜਿਤਾਉਣ ਦਾ ਭਰੋਸਾ : ਬੀਬੀ ਗੁਰਮੀਤ ਕੌਰ



**ਹਠੂਰ/ਜਗਰਾਉਂ, (ਵਰਿਆਮ ਹਠੂਰ)**-ਇਤਿਹਾਸਕ ਨਗਰ ਹਠੂਰ ਦੇ ਵਾਰਡ ਨੰਬਰ 11 ਤੋਂ ਪੰਚ ਦੀ ਚੋਣ ਲੜ ਰਹੇ ਬੀਬੀ ਗੁਰਮੀਤ ਕੌਰ ਨੂੰ ਸਰਪੰਚੀ ਦੀ ਚੋਣ ਲੜ ਰਹੇ ਉਮੀਦਵਾਰ ਦਵਿੰਦਰ ਸਿੰਘ ਬੱਬੀ ਗਰੇਵਾਲ ਅਤੇ ਹੋਰ ਅਨੇਕਾਂ ਸਤਿਕਾਰਯੋਗ ਸ਼ਖ਼ਸੀਅਤਾਂ ਵੱਲੋਂ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਦੀ ਗੂੰਜ ਵਿੱਚ ਸਿਰੋਪਾਓ ਅਤੇ ਹਾਰ ਪਾ ਕੇ ਸਨਮਾਨਿਤ ਕੀਤਾ, ਇਸ ਮੌਕੇ ਪੰਚ ਦੀ ਚੋਣ ਲੜ ਰਹੇ ਉਮੀਦਵਾਰ ਬੀਬੀ ਗੁਰਮੀਤ ਕੌਰ ਨੇ ਸਮੂਹ ਇਕੱਤਰ ਗੁਰਸੰਗਤਾਂ ਦਾ ਇੰਨ੍ਹਾਂ ਮਾਣ ਸਤਿਕਾਰ ਦੇਣ ਲਈ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਉਮੀਦਵਾਰ ਬੀਬੀ ਗੁਰਮੀਤ ਕੌਰ ਨੇ ਕਿਹਾ ਕਿ ਮੇਰਾ ਚੋਣ ਨਿਸ਼ਾਨ ਕੂਲਰ ਹੈ। ਅਤੇ ਵਾਰਡ ਨੰਬਰ 11 ਦੇ ਵਾਸੀਆਂ ਵੱਲੋਂ ਮੈਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਤੇ ਵੱਡੀ ਲੀਡ ਨਾਲ ਜਿਤਾਉਣ ਦਾ ਭਰੋਸਾ ਦਵਾਇਆ ਜਾ ਰਿਹਾ ਹੈ। ਬੀਬੀਆਂ ਭੈਣਾਂ ਵੱਲੋਂ ਵੀ ਮੈਨੂੰ ਫੁੱਲ ਸਪੋਟ ਹੈ। ਤੇ ਮੈਂ ਸਮੂਹ ਗੁਰਸੰਗਤਾਂ ਦਾ ਧੰਨਵਾਦ ਕਰਦੀ ਹਾਂ, ਜੋ ਇੰਨ੍ਹਾਂ ਪਿਆਰ ਬਖ਼ਸ਼ ਰਹੇ ਹਨ। ਬੀਬੀ ਗੁਰਮੀਤ ਕੌਰ ਨੇ ਡੋਰ ਟੂ ਡੋਰ ਜਾ ਕੇ ਵੋਟਰਾਂ ਨਾਲ ਰਾਬਤਾ ਕਾਇਮ ਕੀਤਾ, ਤੇ ਆਪਣੇ ਹੱਕ ਵਿੱਚ ਵੋਟ ਵੋਟ ਪਾਉਣ ਲਈ ਅਪੀਲ ਕੀਤੀ। ਇਸ ਮੌਕੇ ਅਨੇਕਾਂ ਬੀਬੀਆਂ ਭੈਣਾਂ ਅਤੇ ਉਨ੍ਹਾਂ ਦੇ ਸਮਰੱਥਕ ਵੀਰ ਹਾਜ਼ਰ ਸਨ।

ਖਤਰੀ ਸਭਾ ਮਹਿਲਾ ਮੰਡਲ ਅਤੇ ਖਤਰੀ ਸਭਾ ਵੱਲੋਂ

# ਖਤਰੀ ਦਿਵਸ ਤੇ ਕਰਵਾਇਆ 'ਸ਼ਸਤਰ ਪੂਜਾ' ਪ੍ਰੋਗਰਾਮ

**ਚੌਕ ਮਹਿਤਾ, 12 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦੁਸਹਿਰੇ ਦੇ ਤਿਉਹਾਰ ਤੇ ਸ਼ਸਤਰ ਪੂਜਾ ਦੇ ਮੱਹਤਵ ਤੋਂ ਜਾਣੂ ਕਰਵਾਉਣ ਦੇ ਉਦੇਸ਼ ਨਾਲ ਖਤਰੀ ਸਭਾ ਮਹਿਲਾ ਮੰਡਲ ਅਤੇ ਖਤਰੀ ਸਭਾ ਵੱਲੋਂ ਮਹਿਲਾ ਮੰਡਲ ਸੰਰਕਸ਼ਕ ਸ਼੍ਰੀਮਤੀ ਮਧੂ ਲਕਸ਼ਮੀ ਖੰਨਾ, ਖਤਰੀ ਸਭਾ ਅਧਿਅਕਸ਼ ਸ਼੍ਰੀ ਜਗਦੀਸ਼ ਅਰੋੜਾ, ਮਹਿਲਾ ਅਧਿਅਕਸ਼ ਡਾ. ਸਵਰਾਜ ਗਰੋਵਰ, ਮਹਾ ਸਚਿਵ ਸ਼੍ਰੀ ਦਿਨੇਸ਼ ਖੰਨਾ, ਅਖਿਲਾ ਭਾਰਤੀ ਖਤਰੀ ਮਹਾ ਸਭਾ ਦੇ ਮਹਾਸਚਿਵ ਸ਼੍ਰੀ ਸੁਨੀਲ ਖੰਨਾ, ਉਪਾਧਿਅਕਸ਼ ਸ਼੍ਰੀ ਦੀਪਕ ਰਾਏ ਮੇਹਰਾ, ਸਚਿਵ ਡਾਲੀ ਭਾਟਿਆ, ਸਲਾਹਕਾਰ ਡਾ. ਪ੍ਰੋ. ਕਿਰਨ ਖੰਨਾ ਵੱਲੋਂ ਪੂਜਾ ਵੈਦਿਕ ਮੰਤਰਾ ਨਾਲ ਕਰਵਾਈ ਗਈ। ਸ਼ਸਤਰ ਪੂਜਾ ਵਿੱਚ ਡਾ. ਪ੍ਰੋ. ਰੋਹਨੀ ਖੰਨਾ, ਅੰਜੂ ਖੰਨਾ, ਰਮਨ ਸ਼ਰਮਾ, ਮੰਜੀਤ ਠਿੰਡ, ਰਮੇਸ਼ ਕਪੂਰ, ਸੁਧੀਰ ਕਪਾਹੀ, ਸ਼ਾਮ ਸੁੰਦਰ ਕਪੂਰ, ਰਾਕੇਸ਼ ਖੰਨਾ, ਸੋਨਿਆ ਚੌਹਾਨ, ਡਿੰਪਲ ਸ਼ਰਮਾ, ਰੀਨਾਂ, ਡਾ. ਇੰਦੂ ਵਰਮਾ, ਡਾ. ਜਸਪ੍ਰੀਤ ਕੋਹਲੀ, ਰਾਕੇਸ਼ ਸੇਠ, ਵਨਿਤਾ ਮਹਾਜਨ, ਸਨੇਹ ਅਰੋੜਾ, ਸ਼੍ਰੀਮਤੀ ਤਰਸੇਮ,



ਅਤੁਲ ਪੁਰੀ, ਐਸ.ਕੇ ਸਰਪਾਲ, ਰਵਿੰਦਰ ਅਰੋੜਾ, ਦਲਜੀਤ ਸਿੰਘ ਕੋਹਲੀ, ਪੰਕਜ ਖੰਨਾ, ਅਸ਼ੋਕ ਸਰਪਾਲ, ਅਰੂਣ ਮਹਾਜਨ, ਹਰਸ਼ ਆਨੰਦ, ਜਗਦੀਸ਼ ਮਲਹੋਤਰਾ, ਸੁਧੀਰ ਅਰੋੜਾ, ਡਾ. ਅਮਨ ਅਰੋੜਾ, ਨਿਧੀ ਸਰੀਨ, ਰਜਨੀ ਨੇ ਧਾਰਮਿਕ ਮੰਤਰ ਪੜ ਕੇ ਪੂਜਾ ਵਿੱਚ ਮੁੱਖ ਭੂਮਿਕਾ ਨਿਭਾਈ। ਸਾਰੇ ਅਧਿਕਾਰੀਆਂ ਨੇ ਸ਼੍ਰੀ ਰਾਮਚੰਦਰ ਦੀਆਂ ਮਰਿਆਦਾ, ਉਹਨਾਂ ਦੇ ਉਪਦੇਸ਼ਾ ਅਤੇ ਆਦਰਸ਼ਾ ਨੂੰ ਅਪਣਾ ਕੇ ਸਾਮਾਜਿਕ ਬੁਰਾਇਆਂ, ਭ੍ਰਿਸ਼ਟਾਚਾਰ, ਨਸ਼ਾ ਆਦਿ ਨੂੰ ਪੂਰੀ ਤਰਾਂ ਖਤਮ ਕਰਕੇ ਦੁਬਾਰਾ ਰਾਮ ਰਾਜ ਲਿਆ ਕੇ ਭਾਰਤ ਨੂੰ ਵਿਸ਼ਵ ਗੁਰੂ ਦਾ ਦਰਜਾ ਦਿਵਾਉਣ ਦਾ ਸੰਕਲਪ ਲਿਆ ਅਤੇ ਜੈ ਸ਼੍ਰੀ ਰਾਮ ਦੇ ਨਾਰੇ ਅਤੇ ਪ੍ਰਸ਼ਾਦ ਵੰਡ ਕੇ ਪ੍ਰੋਗਰਾਮ ਸਮਾਪਤ ਕੀਤਾ ਗਿਆ।

# ਤਲਵੰਡੀ ਸਾਬੋ ਵਿਖੇ ਮਨਾਇਆ ਫਰਾਈ ਡੇਅ, ਡਰਾਈ ਡੇਅ





**ਤਲਵੰਡੀ ਸਾਬੋ, 12 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਸਿਵਲ ਸਰਜਨ ਬਠਿੰਡਾ, ਜਿਲਾ ਸਿਹਤ ਅਫਸਰ ਡਾ. ਊਸ਼ਾ ਗੋਇਲ, ਜਿਲਾ ਐਪੀਡੀਮੋਲੋਜਿਸਟ ਡਾ. ਮਯੰਕਜੋਤ ਸਿੰਘ ਦੇ ਨਿਰਦੇਸ਼ਾਂ ਦੀ ਪਾਲਣਾ ਕਰਦੇ ਡਾ. ਦਰਸ਼ਨ ਕੌਰ ਐਸ.ਐਮ.ਓ ਤਲਵੰਡੀ ਸਾਬੋ, ਜਿਲਾ ਏ.ਐਮ.ਓ ਹਰਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਦੀ ਕੰਪੇਨ ਤਹਿਤ ਘਰ ਤੋਂ ਘਰ ਜਾ ਕੇ ਫਰਾਈ ਡੇਅ ਡਰਾਈ ਡੇਅ ਮਨਾਇਆ ਅਤੇ ਡੇਂਗੂ ਸਬੰਧੀ ਜਾਗਰੂਕਤਾ ਗਤੀਵਿਧੀ ਕੀਤੀ ਗਈ। ਇਸ ਮੌਕੇ ਹੈਲਥ ਸੁਪਰਵਾਈਜਰ ਕੁਲਦੀਪ ਸਿੰਘ ਨੇ ਦੱਸਿਆ ਕਿ ਜਾਗਰੂਕਤਾ ਕੈਂਪ ਲਗਾ ਕੇ ਲੋਕਾਂ ਨੂੰ ਡੇਂਗੂ ਤੋਂ ਬਚਾਅ ਲਈ ਜਾਗਰੂਕ ਕੀਤਾ ਜਾ ਰਿਹਾ ਹੈ ਤੇ ਇਸੇ ਲੜੀ ਤਹਿਤ ਅੱਜ ਵੱਖ-ਵੱਖ ਥਾਵਾਂ 'ਤੇ ਜਾ ਕੇ ਡੇਂਗੂ ਬਾਰੇ ਵਿਸਤਾਰ ਨਾਲ ਦੱਸਿਆ। ਡੇਂਗੂ ਮਾਦਾ ਮੱਛਰ ਦੇ ਡੰਗਣ ਕਾਰਨ ਹੁੰਦਾ ਹੈ ਜੋ ਕਿ ਖੜ੍ਹੇ ਸਾਫ਼ ਪਾਣੀ 'ਚ ਪੈਦਾ ਹੁੰਦਾ ਹੈ। ਇਸ ਲਈ ਜ਼ਰੂਰੀ ਹੈ ਕਿ ਘਰਾਂ ਦੇ ਆਲੇ-ਦੁਆਲੇ ਤੇ ਛੱਤਾਂ 'ਤੇ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ। ਇਸ ਮੌਕੇ ਮਲਟੀਪਰਪਜ ਹੈਲਥ ਵਰਕਰ ਹਰਪਾਲ ਸਿੰਘ ਗਿਆਨਾ ਨੇ ਦੱਸਿਆ ਕਿ ਬਾਰਿਸ਼ਾਂ ਦੇ ਮੌਸਮ ਦੌਰਾਨ ਘਰਾਂ ਦੀਆਂ ਛੱਤਾਂ ਤੇ ਪਏ ਕਬਾੜ, ਗਮਲਿਆਂ, ਟੁੱਟੇ ਬਰਤਨਾਂ, ਕੂਲਰਾਂ ਅਤੇ ਫਰਿੱਜ ਦੀ ਟਰੇਅ ਨੂੰ ਹਰ ਹਫ਼ਤੇ ਖਾਲੀ ਕਰਕੇ ਸੁਕਾਇਆ ਜਾਵੇ। ਪੂਰੇ ਸਰੀਰ ਨੂੰ ਢਕਣ ਵਾਲੇ ਕੱਪੜੇ ਪਾਏ ਜਾਣ ਅਤੇ ਰਾਤ ਨੂੰ ਸੌਣ ਵਾਲੇ ਮੱਛਰ ਭੁਜਾਉਣ ਵਾਲੀਆਂ ਕਰੀਮਾਂ, ਮੱਛਰ ਭੁਜਾਊ ਜੰਤਰਾਂ ਅਤੇ ਜਾਲੀਦਾਰ ਦਰਵਾਜਿਆਂ ਆਦਿ ਦੀ ਵਰਤੋਂ ਕੀਤੀ ਜਾਵੇ। ਇਸ ਮੌਕੇ ਤਲਵੰਡੀ ਸਾਬੋ ਬਲਾਕ ਦੇ ਸਾਰੇ ਪਿੰਡਾਂ ਅਤੇ ਸ਼ਹਿਰ ਵਿੱਚ ਘਰ ਘਰ ਜਾ ਕੇ ਡੇਂਗੂ ਲਾਰਵਾ ਚੈੱਕ ਕੀਤਾ ਗਿਆ ਅਤੇ ਜਿੱਥੇ ਜਿੱਥੇ ਲਾਰਵਾ ਮਿਲਿਆ ਮੌਕੇ ਤੇ ਨਸ਼ਟ ਕਰਵਾ ਦਿੱਤਾ ਤੇ ਅੱਗੇ ਤੋਂ ਸਫਾਈ ਰੱਖਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸਾਰੇ ਸਬ ਸੈਂਟਰਾਂ ਦੇ ਮਲਟੀਪਰਪਜ ਹੈਲਥ ਵਰਕਰ (ਮੇਲ/ਫੀਮੇਲ) ਅਤੇ ਆਸ਼ਾ ਵਰਕਰਾਂ ਹਾਜ਼ਰ ਸਨ।

ਅੱਜ ਭੋਗ ਤੇ ਵਿਸ਼ੇਸ਼

# ਇੱਕ ਸੱਚੇ ਸਮਾਜ ਸੇਵਕ ਸਨ ਸਵ. ਹਰਿੰਦਰਪਾਲ ਸਿੰਘ ਨਾਰੰਗ

**ਚੌਕ ਮਹਿਤਾ, 12 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਛੇਹਰਟਾ ਦੇ ਉਘੇ ਸਮਾਜ ਸੇਵਕ ਅਤੇ ਮਾਤਾ ਗੁਜ਼ਰੀ ਜੀ ਵੈਲਫੇਅਰ ਸੋਸਾਇਟੀ ਦੇ ਸ੍ਰਪ੍ਰਸਤ ਹਰਿੰਦਰਪਾਲ ਸਿੰਘ ਨਾਰੰਗ ਜਿੰਨ੍ਹਾਂ ਦਾ ਪਿਛਲੇ ਦਿਨੀਂ ਦੇਹਾਂਤ ਹੋ ਗਿਆ ਸੀ ਇੱਕ ਸੱਚੇ ਸੁੱਚੇ ਰੱਬ ਨੂੰ ਮੰਨਣ ਵਾਲੇ ਇੰਨਸਾਨ ਸਨ ਉਨ੍ਹਾਂ ਦੇ ਜਾਨ ਨਾਲ ਨਾ ਸਿਰਫ ਪਰਿਵਾਰ ਨੂੰ ਘਾਟਾ ਪਿਆ ਹੈ ਬਲਕਿ ਸਮਾਜ ਨੂੰ ਵੀ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਗੁਰੂ ਦੇ ਲੰਗਰਾਂ ਦੀ ਹੱਥੀ ਸੇਵਾ, ਅੱਖਾਂ ਦੇ ਉਪਰੇਸ਼ਨ, ਲੋੜਵੰਦ ਵਿਧਵਾ ਔਰਤਾਂ ਦੀ ਸਹਾਇਤਾ, ਸੰਗਤ ਤੇ



ਸਮਾਜ ਦੀ ਇੱਕ ਆਵਾਜ਼ ਦੇਣ ਤੇ ਹਰ ਦੁੱਖ-ਹਰ ਸੁੱਖ ਦੀ ਘੜ੍ਹੀ ਵਿੱਚ ਹਰ ਪਲ ਹਾਜ਼ਰ ਰਹਿਣ ਵਾਲੀ ਅਜ਼ੀਮ ਸਖਸ਼ੀਅਤ ਦੇ ਮਾਲਕ ਸ੍ਰ.ਨਾਰੰਗ ਹਰ ਇੱਕ ਦੀ ਮਦਦ ਕਰਨ ਲਈ ਹਮੇਸ਼ਾ ਤੱਤਪਰ ਰਹਿੰਦੇ ਸਨ ਉਨ੍ਹਾਂ ਅੰਦਰ ਇੰਨਸਾਨਿਅਤ ਘੁੱਟ-ਘੁੱਟ ਕੇ ਭਰੀ ਹੋਈ ਸੀ ਗੁਰੂ ਘਰ ਨੂੰ ਮੰਨਣ ਵਾਲੇ ਅੰਨਨ ਸੇਵਕ ਨਾਰੰਗ ਜੀ ਦੇ ਕੋਲ ਆਇਆ ਲੋੜਵੰਦ ਵਿਅਕਤੀ ਕਦੇ ਖਾਲੀ ਹੱਥ ਵਾਪਸ ਨਹੀਂ ਗਿਆ ਸੀ।ਇਹ ਉਨ੍ਹਾਂ ਦੀਆਂ ਦਿੱਤੀਆਂ ਸਿੱਖਿਆਵਾਂ ਦਾ ਹੀ ਅਸਰ ਹੈ ਕਿ ਅੱਜ ਉਨ੍ਹਾਂ ਦਾ ਬੇਟਾ ਕਰਨਦੀਪ ਸਿੰਘ,ਬੇਟੀ ਸਨਪ੍ਰੀਤ ਸਿੰਘ ਅਤੇ ਉਨ੍ਹਾ ਦੀ ਧਰਮ ਪਤਨੀ ਬੀਬੀ ਜਤਿੰਦਰ ਕੌਰ ਸਮਾਜ ਸੇਵੀਂ ਕਾਰਜਾਂ ਵਿੱਚ ਅੱਗੇ ਵੱਧਕੇ ਕੰਮ ਕਰਦੇ ਹਨ ਅਤੇ ਲੋੜਵੰਦਾਂ ਦੀ ਮਦਦ ਲਈ ਹਮੇਸ਼ਾ ਤੱਤਪਰ ਰਹਿੰਦੇ ਹਨ ਉਨ੍ਹਾ ਦੀ ਬੇਟੀ ਭਾਂਵੇ ਕਨੇਡਾ ਪੀ.ਆਰ ਹੈ ਪਰ ਅਪਣੀ ਨੇਕ ਕਮਾਈ ਵਿਚੋਂ ਦਸਵੰਧ ਜ਼ਰੂਰ ਕੱਢਦੀ ਹੈ।ਸਵ.ਹਰਿੰਦਰਪਾਲ ਸਿੰਘ ਨਾਰੰਗ ਜੀ ਦੀ ਆਤਮਿਕ ਸ਼ਾਂਤੀ ਲਈ ਸ਼੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਮਿਤੀ 13 ਅਕਤੂਬਰ 2024 ਦਿਨ ਐਤਵਾਰ ਉਨ੍ਹਾਂ ਦੇ ਗ੍ਰਹਿ ਵਿਖੇ ਪੈਣ ਉਪਰੰਤ ਕੀਰਤਨ ਅਤੇ ਅੰਤਿਮ ਅਰਦਾਸ 12:30 ਤੋਂ 2:00 ਗੁਰਦੁਆਰਾ ਸੰਤ ਬਾਬਾ ਦਰਸ਼ਨ ਸਿੰਘ ਕੁੱਲ੍ਹੀ ਵਾਲੇ ਬਾਈਪਾਸ ਕਾਲੇ ਘੰਨੂਪੁਰ ਛੇਹਰਟਾ ਵਿਖੇ ਹੋਵੇਗੀ ਜਿਥੇ ਵੱਖ-ਵੱਖ ਸਮਾਜਿਕ,ਧਾਰਮਿਕ,ਰਾਜਨੀਤਿਕ ਪਾਰਟੀਆਂ ਦੇ ਆਗੂ ਪਹੁੰਚਕੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ।

# ਸਿੱਖ ਤਵਾਰੀਖ ਦੀ ਅਨੋਖੀ ਘਟਨਾ ਜਦੋਂ ਰੂੜੀਵਾਦ ਸੋਚ ਨੂੰ ਵੰਗਾਰਿਆ ਗਿਆ

ਵਿਸ਼ੇਸ਼ ਲੇਖ


-ਭਗਵਾਨ ਸਿੰਘ ਜੌਹਲ

bhagwansinghjohal@gmail.com






ਖਾਲਸਾ ਅਰਬੀ ਭਾਸ਼ਾ ਦਾ ਸ਼ਬਦ ਹੈ, ਜਿਸ ਦੇ ਅਰਥ ਹਨ, ਨਿਰੋਲ, ਸ਼ੁੱਧ ਜਾਂ ਮਿਲਾਵਟ ਤੋਂ ਰਹਿਤ। ਫ਼ਾਰਸੀ ਭਾਸ਼ਾ ਵਿੱਚ ਉਸ ਇਲਾਕੇ ਜਾਂ ਜ਼ਮੀਨ ਜਾਂ ਇਲਾਕੇ ਨੂੰ ਵੀ ਖਾਲਸਾ ਕਿਹਾ ਜਾਂਦਾ ਹੈ, ਜੋ ਸਿੱਧੀ ਬਾਦਸ਼ਾਹ ਜਾਂ ਕਿਸੇ ਜਗੀਰਦਾਰ ਦੀ ਮਲਕੀਅਤ ਹੋਵੇ। ਪਾਵਨ ਗੁਰਬਾਣੀ ਵਿੱਚ ਉਨ੍ਹਾਂ ਗੁਰਸਿੱਖਾਂ ਜਾਂ ਗੁਰਮੁੱਖਾਂ ਲਈ ਵੀ ਖਾਲਸਾ ਸ਼ਬਦ ਦੀ ਵਰਤੋਂ ਹੋਈ ਹੈ, ਜੋ ਬਿਪਰਨ ਦੀਆਂ ਰੀਤਾਂ-ਰਿਵਾਜਾਂ ਜਾਂ ਕਰਮਕਾਂਡਾਂ ਤੋਂ ਉਪਰ ਉਠ ਕੇ ਅਕਾਲ ਪੁਰਖ ਵਾਹਿਗੁਰੂ ਦੀ ਭਗਤੀ ਕਰਦੇ ਹਨ। ਸ਼੍ਰੋਮਣੀ ਸੰਤ ਕਬੀਰ ਸਾਹਿਬ ਨੇ ਕਹੁ ਕਬੀਰ ਜਨ ਭਏ ਖਾਲਸੇ ਪ੍ਰੇਮ ਭਗਤ ਜਿਤ ਜਾਨੀ ਨਾਲ ਖਾਲਸਾ ਸ਼ਬਦ ਦੀ ਵਰਤੋਂ ਕੀਤੀ ਹੈ। ਛੇਵੇਂ ਤੇ ਨੌਵੇਂ ਪਾਤਸ਼ਾਹ ਨੇ ਹੁਕਮਨਾਮਿਆਂ ਵਿੱਚ ਗੁਰੂ ਕਾ ਖਾਲਸਾ ਸ਼ਬਦ ਵਰਤਿਆ ਹੈ। ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖੰਡੇ ਬਾਟੇ ਦੀ ਪਾਹੁਲ ਦੇ ਕੇ ਆਪਣੇ ਪ੍ਰਾਣਾਂ ਤੋਂ ਪਿਆਰੇ ਸਿੱਖਾਂ ਨੂੰ ਖਾਲਸਾ ਸ਼ਬਦ ਨਾਲ ਸੰਬੋਧਨ ਕੀਤਾ। ਸੋ ਖਾਲਸਾ ਭਾਈਚਾਰਾ ਆਪਣੀ ਸਥਾਪਨਾ ਤੋਂ ਪਿੱਛੋਂ ਮੌਤ ਦੇ ਭੈਅ ਤੋਂ ਹਮੇਸ਼ਾ ਲਈ ਮੁਕਤ ਹੋ ਗਿਆ।

ਸਮੇਂ ਦੇ ਬੀਤਣ ਨਾਲ ਬਿਪਰਨ ਕੀ ਰੀਤ ਦੀ ਸੋਚ ਰੱਖਣ ਵਾਲੇ ਉਚ ਜਾਤੀ ਦੇ ਲੋਕਾਂ ਨੇ ਪਛੜੀਆਂ ਸ਼੍ਰੇਣੀਆਂ ਨਾਲ ਵਿਤਕਰਾ ਹਮੇਸ਼ਾਂ ਦੀ ਤਰ੍ਹਾਂ ਕਾਇਮ ਰੱਖਿਆ। 20ਵੀਂ ਸਦੀ ਦੇ ਆਰੰਭ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ ਤੋਂ ਪਹਿਲਾਂ ਇਕ ਅਜਿਹੀ ਸੰਸਥਾ ਖਾਲਸਾ ਬਰਾਦਰੀ ਦੀ ਸਥਾਪਨਾ ਕੀਤੀ ਗਈ ਤਾਂ ਜੋ ਅਖੌਤੀ ਪੱਛੜੀਆਂ ਜਾਤੀਆਂ ਦੇ ਸਿੱਖਾਂ ਨਾਲ ਹੋ ਰਹੇ ਵਿਤਕਰੇ ਵਿਰੁੱਧ ਆਵਾਜ਼ ਬੁਲੰਦ ਕੀਤੀ ਜਾ ਸਕੇ। ਅਜਿਹੀ ਸੰਸਥਾ ਬਨਾਉਣ ਦਾ ਵਿਚਾਰ ਜਥੇਦਾਰ ਮਹਿਤਾਬ ਸਿੰਘ ਬੀਰ ਦੇ ਮਨ ਵਿੱਚ ਪੈਦਾ ਹੋਇਆ। ਕਿਉਂਕਿ ਸ. ਮਹਿਤਾਬ ਸਿੰਘ ਖੁਦ ਮੁਸਲਮਾਨ ਹੁੰਦੇ ਹੋਏ, ਸਿੱਖ ਧਰਮ ਦੀ ਸਰਬਸਾਂਝੀ ਵਾਲਤਾ ਦੇ ਮਾਨਵਤਾ-ਵਾਦੀ ਸੰਦੇਸ਼ ਤੋਂ ਪ੍ਰਭਾਵਿਤ ਹੋ ਕੇ ਸਿੰਘ ਸਜਿਆ ਸੀ। ਉਸ ਸਮੇਂ ਉਚ ਜੀਵਨ ਵਾਲੇ ਗੁਰਸਿੱਖਾਂ ਨੂੰ ਵੀ ਉਚ ਜਾਤੀਆਂ ਵੱਲੋਂ ਕਈ ਪ੍ਰਕਾਰ ਦੇ ਤੰਗ-ਨਜ਼ਰੀਏ ਦਾ ਸ਼ਿਕਾਰ ਹੋਣਾ ਪਿਆ। 1914 ਈ: ਵਿੱਚ ਧੰਨ ਗੁਰੂ ਰਾਮਦਾਸ ਜੀ ਦੇ ਸਰਬਸਾਂਝੇ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਨੇੜੇ ਭਾਈ ਦਸੌਂਧਾ ਸਿੰਘ ਦੀ ਧਰਮਸ਼ਾਲਾ ਵਿੱਚ ਪੱਛੜੀਆਂ ਜਾਤੀਆਂ ਦੇ ਸਿੱਖਾਂ ਦਾ ਇਕੱਠ ਸਭਾ ਦੇ ਰੂਪ ਵਿੱਚ ਬੁਲਾਇਆ ਗਿਆ। ਇਸੇ ਸਭਾ ਵਿੱਚ ਖਾਲਸਾ ਬਰਾਦਰੀ ਦੀ ਸਥਾਪਨਾ ਕੀਤੀ ਗਈ। ਸਰਹਾਲਾ ਕਾਜ਼ੀਆਂ ਦੇ ਸ. ਈਸ਼ਰ ਸਿੰਘ ਨੂੰ ਇਸ ਸੰਸਥਾ ਦਾ ਪ੍ਰਧਾਨ ਅਤੇ ਭਾਈ ਮਹਿਤਾਬ ਸਿੰਘ ਨੂੰ ਜਨਰਲ ਸਕੱਤਰ ਬਣਾਇਆ ਗਿਆ।

ਇਸ ਸੰਸਥਾ ਦਾ ਉਦੇਸ਼ ਪੱਛੜੀਆਂ ਸ਼੍ਰੇਣੀਆਂ ਦੇ ਸਿੱਖਾਂ ਨੂੰ ਖੰਡੇ ਬਾਟੇ ਦੀ ਪਾਹੁਲ ਛਕਾ ਕੇ ਸਿੰਘ ਸਜਾਉਣਾ ਅਤੇ ਸਮਾਜਿਕ ਤੌਰ 'ਤੇ ਜਾਗ੍ਰਿਤ ਕਰਨਾ ਸੀ। ਰੂੜੀਵਾਦੀ ਸੋਚ ਰੱਖਣ ਵਾਲੇ ਲੋਕਾਂ ਨੂੰ ਗੁਰੂ ਸਾਹਿਬ ਦੇ ਸਰਬਸਾਂਝੀ ਵਾਲਤਾ ਸੁਨੇਹੇ ਪ੍ਰਤੀ ਜਾਗਰੂਕ ਕਰਨਾ ਸੀ। ਇਸ ਸੰਸਥਾ ਦਾ ਕੇਂਦਰੀ ਦਫ਼ਤਰ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸਥਾਪਿਤ ਕਰਕੇ ਜਿਲ੍ਹਾ ਯੂਨਿਟ ਚੜ੍ਹਦੇ ਤੇ ਲਹਿੰਦੇ ਪੰਜਾਬ (ਸਾਂਝੇ ਪੰਜਾਬ) ਵਿੱਚ ਬਣਾਏ ਗਏ। ਸੰਸਥਾ ਦੇ ਪ੍ਰਚਾਰ ਲਈ ਤੇ ਸਮਾਜ ਲਈ ਬੀਰ ਨਾਂਅ ਦਾ ਹਫ਼ਤਾਵਾਰੀ ਮੈਗਜ਼ੀਨ ਵੀ ਸ਼ੁਰੂ ਕੀਤਾ ਗਿਆ। ਹੁਣ ਇਸ ਸੰਸਥਾ ਵੱਲੋਂ 11 ਅਤੇ 12 ਅਕਤੂਬਰ, 1920 ਨੂੰ ਜਲ੍ਹਿਆਂਵਾਲੇ ਬਾਗ ਵਿੱਚ ਭਾਰੀ ਇਕੱਠ ਬੁਲਾ ਕੇ ਅਗਾਂਹਵਧੂ ਪੜ੍ਹੇ-ਲਿਖੇ ਵਿਦਵਾਨਾਂ ਨੇ ਸੰਸਥਾ ਨੂੰ ਸੰਬੋਧਨ ਕੀਤਾ। ਦੀਵਾਨ ਤੋਂ ਬਾਅਦ ਵੱਡੀ ਗਿਣਤੀ ਵਿੱਚ ਪਛੜੀਆਂ ਜਾਤੀਆਂ ਦੇ ਅਤੇ ਰਾਮਦਾਸੀਏ ਸਿੱਖਾਂ ਨੂੰ ਅੰਮ੍ਰਿਤ ਛਕਾ ਕੇ ਉਨ੍ਹਾਂ ਵੱਲੋਂ ਤਿਆਰ ਕੀਤੇ ਕੜਾਹ-ਪ੍ਰਸ਼ਾਦਿ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿੱਚ ਪ੍ਰਵਾਨ ਕਰਵਾਉਣ ਲਈ ਨਵੇਂ ਸਜੇ ਸਿੰਘਾਂ ਦਾ ਜਥਾ ਬੜੀ ਸ਼ਰਧਾ ਤੇ ਸਤਿਕਾਰ ਨਾਲ ਸ੍ਰੀ ਗੁਰੂ ਰਾਮਦਾਸ ਜੀ ਦੇ ਦਰ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਹਾਜ਼ਰ ਹੋਇਆ। ਪਰ ਅੰਗ੍ਰੇਜ਼ ਹਕੂਮਤ ਦੀ ਪਾੜੋ ਤੇ ਰਾਜ ਕਰੋ ਦੀ ਨੀਤੀ ਮੁਤਾਬਿਕ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸੇਵਾਦਾਰ ਦੀ ਅੰਗ੍ਰੇਜ਼ ਪ੍ਰਸਤ ਹੋਣ ਕਰਕੇ ਕੜ੍ਹਾਹ ਪ੍ਰਸ਼ਾਦਿ ਪ੍ਰਵਾਨ ਕਰਨ ਅਤੇ ਅਰਦਾਸ ਕਰਨ ਤੋਂ ਇਨਕਾਰ ਕਰਕੇ ਬਾਹਰ ਭੱਜ ਗਏ। ਹੁਣ ਇਸ ਸੰਸਥਾ ਦੇ ਸਿੰਘਾਂ ਵੱਲੋਂ ਪ੍ਰਸ਼ਾਦਿ ਪ੍ਰਵਾਨ ਕਰਵਾਉਣ ਲਈ ਖੁਦ ਅਰਦਾਸ ਕੀਤੀ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਮੁੱਖ ਵਾਕ ਲਿਆ ਗਿਆ। ਜਾਗਤ-ਜੋਤਿ ਸਤਿਗੁਰੂ ਦਾ ਪਾਵਨ ਹੁਕਮ ਅਜਿਹੀ ਉਦਾਰ ਭਾਵਨਾ ਵਾਲਾ ਸੀ, ਜਿਸ ਨੂੰ ਸਰਵਣ ਕਰਦਿਆਂ ਹੀ ਨਵੇਂ ਸਜੇ ਸਿੰਘਾਂ ਦੇ ਚਿਹਰਿਆਂ 'ਤੇ ਨੂਰ ਤੇ ਲਾਲੀ ਦੇ ਭਾਵ ਪ੍ਰਗਟ ਹੋ ਗਏ। ਜਦੋਂ ਹੁਣ ਇਹ ਸਾਰੇ ਸਿੰਘ ਸ੍ਰੀ ਅਕਾਲ ਤਖ਼ਤ ਸਾਹਿਬ ਪੁੱਜੇ ਤਾਂ ਉਥੋਂ ਦੇ ਸੇਵਾਦਾਰ ਵੀ ਖਿਸਕ ਗਏ। ਸ੍ਰੀ ਅਕਾਲ ਤਖ਼ਤ ਸਾਹਿਬ ਹਾਜ਼ਰ ਗੁਰਦੁਆਰਾ ਸੁਧਾਰ ਲਹਿਰ ਦੇ ਪ੍ਰਮੁੱਖ ਆਗੂ ਜਥੇਦਾਰ ਕਰਤਾਰ ਸਿੰਘ ਭੁੱਚਰ ਅਤੇ ਜਥੇਦਾਰ ਕਰਤਾਰ ਸਿੰਘ ਝੱਬਰ ਨੇ ਅਰਦਾਸ ਕੀਤੀ।

ਇਸ ਅਨੋਖੀ ਘਟਨਾ ਤੋਂ ਪਿੱਛੋਂ ਇਕ 25 ਮੈਂਬਰੀ ਕਮੇਟੀ ਬਣਾ ਕੇ ਜਿਸ ਵਿੱਚ ਅਖੌਤੀ ਪੱਛੜੀਆਂ ਸ਼੍ਰੇਣੀਆਂ ਦੇ ਸਿੰਘਾਂ ਨੂੰ ਵੀ ਸ਼ਾਮਿਲ ਕੀਤਾ ਗਿਆ। ਇਸ ਦਾ ਉਦੇਸ਼ ਗੁਰਧਾਮਾਂ ਨੂੰ ਪਰੰਪਰਾਵਾਂ ਦੀ ਤੇ ਕੱਟੜਵਾਦੀ ਪੁਜਾਰੀਆਂ ਤੋਂ ਆਜ਼ਾਦ ਕਰਵਾਉਣਾ ਅਤੇ ਪੱਛੜੀਆਂ ਜਾਤੀਆਂ ਦੇ ਸਿੱਖਾਂ ਵਿੱਚ ਬਰਾਬਰੀ ਦੀ ਭਾਵਨਾ ਦਾ ਵਿਕਾਸ ਕਰਨਾ ਸੀ। ਅਸਲ ਵਿੱਚ ਇਹ ਘਟਨਾ-ਕ੍ਰਮ ਗੁਰਦੁਆਰਾ ਸੁਧਾਰ ਲਹਿਰ ਦਾ ਆਰੰਭ ਸੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਥਾਪਨਾ ਤੋਂ ਬਾਅਦ 1939 ਅਤੇ 1941 ਤੱਕ ਇਸ ਸੰਸਥਾ ਨੇ ਧਰਮ-ਪ੍ਰਚਾਰ ਅਤੇ ਸਮਾਜ ਸੁਧਾਰ ਲਈ ਵੱਡੇ ਯਤਨ ਕੀਤੇ। ਜਿਸ ਨਾਲ ਸਿੱਖ ਧਰਮ ਵਿੱਚ ਅਕੀਦਾ ਤੇ ਵਿਸ਼ਵਾਸ ਰੱਖਣ ਵਾਲਿਆਂ ਦੀ ਗਿਣਤੀ ਵਿੱਚ ਚੋਖਾ ਵਾਧਾ ਹੋਇਆ।

ਨਵੀਂ ਬਣੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਪ੍ਰਤੀਨਿੱਧਤਾ ਦਿੱਤੀ ਗਈ ਅਤੇ ਫੌਜ ਵਿੱਚ ਭਰਤੀ ਕਰਨ ਦੀ ਮੰਗ ਵੀ ਸਵੀਕਾਰੀ ਗਈ। ਇਸ ਯਤਨ ਨਾਲ ਸਿੱਖਾਂ ਵਿੱਚ ਉਦਾਰ-ਚੇਤਨਾ ਦਾ ਪ੍ਰਸਾਰ ਹੋਇਆ, ਸਿੱਟੇ ਵਜੋਂ ਦੂਜੇ ਧਰਮਾਂ ਵਿੱਚ ਰਹਿਣ ਵਾਲੇ ਦਲਿਤ ਵੀ ਸਿੱਖ ਧਰਮ ਨੂੰ ਅਪਨਾਉਣ ਲੱਗੇ। ਇਸ ਘਟਨਾ ਦੇ ਸੂਤਰਧਾਰ ਜਥੇਦਾਰ ਮਹਿਤਾਬ ਸਿੰਘ 1960 ਈ: ਵਿੱਚ ਇਸ ਫ਼ਾਨੀ ਸੰਸਾਰ ਤੋਂ ਕੂਚ ਕਰ ਗਏ। ਅੱਜ ਸਾਨੂੰ ਫਿਰ ਸੁਚੇਤ ਹੋਣਾ ਪਵੇਗਾ, ਕਿਤੇ ਮੁੜ ਅਜਿਹੀਆਂ ਪਰੰਪਰਾਵਾਂ ਦੀ ਤੇ ਕੱਟੜਪੰਥੀ ਜਥੇਬੰਦੀਆਂ ਸਰਬ ਸਾਂਝੇ ਤੇ ਵਿਲੱਖਣ ਸੋਚ ਦੇ ਧਾਰਨੀ ਖਾਲਸਾ ਪੰਥ ਵਿੱਚ ਤ੍ਰੇੜਾਂ ਪਾ ਕੇ ਸਾਨੂੰ ਖੇਰੂੰ-ਖੇਰੂੰ ਕਰਨ ਦੇ ਮਨਸੂਬੇ ਤਾਂ ਨਹੀਂ ਬਣਾ ਰਹੀਆਂ।

## ਰਾਸ਼ਟਰਪਤੀ ਬਣਿਆ ਤਾਂ ਪ੍ਰਵਾਸੀਆਂ ਨੂੰ ਫਾਂਸੀ ਦਿਆਂਗੇ ਨਹੀਂ ਤਾਂ ਉੱਥੇ ਭੇਜਾਂਗਾ ਜਿੱਥੇ ਜੰਗ ਲੜ ਰਿਹਾ ਅਮਰੀਕਾ : ਟਰੰਪ ਨੇ ਦਿੱਤੀ ਧਮਕੀ ?



ਵਾਸ਼ਿੰਗਟਨ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਅਮਰੀਕਾ ਦੇ ਕੋਲੋਰਾਡੋ 'ਚ ਚੋਣ ਰੈਲੀ ਕੀਤੀ। ਟਰੰਪ ਨੇ 80 ਮਿੰਟ ਦਾ ਭਾਸ਼ਣ ਦਿੱਤਾ ਜਿਸ ਵਿੱਚ ਉਸ ਨੇ ਕਿਹਾ ਕਿ ਸਾਡੇ 'ਤੇ 'ਪ੍ਰਵਾਸੀਆਂ' ਦੁਆਰਾ ਹਮਲਾ ਕੀਤਾ ਗਿਆ ਹੈ ਜੋ ਅਮਰੀਕੀਆਂ ਨਾਲ ਬਲਾਤਕਾਰ ਤੇ ਕਤਲ ਕਰ ਰਹੇ ਹਨ। ਟਰੰਪ ਨੇ ਵਾਅਦਾ ਕੀਤਾ ਕਿ 5 ਨਵੰਬਰ ਨੂੰ ਅਮਰੀਕਾ ਦੀ ਆਜ਼ਾਦੀ ਦਾ ਦਿਨ ਹੋਵੇਗਾ। ਕੋਈ ਵੀ ਪ੍ਰਵਾਸੀ ਜੋ ਕਿਸੇ ਅਮਰੀਕੀ ਨਾਗਰਿਕ ਨੂੰ ਮਾਰਦਾ ਹੈ, ਉਸ ਨੂੰ ਮੌਤ ਦੀ ਸਜ਼ਾ ਦਿੱਤੀ ਜਾਵੇਗੀ। ਪ੍ਰਵਾਸੀਆਂ ਨੂੰ ਰਾਖਸ਼ ਤੇ ਜਾਨਵਰ ਦੱਸਦੇ ਹੋਏ ਟਰੰਪ ਨੇ ਕਿਹਾ ਕਿ ਕੋਲੋਰਾਡੋ ਦੇ ਔਰੋਰਾ ਵਿੱਚ ਲਾਤੀਨੀ ਅਮਰੀਕੀ ਪ੍ਰਵਾਸੀ ਦਹਿਸ਼ਤ ਫੈਲਾ ਰਹੇ ਹਨ। ਟਰੰਪ ਨੇ ਕਿਹਾ ਕਿ ਅੱਜ ਦੁਨੀਆ ਅਮਰੀਕਾ ਨੂੰ ਇਕ ਅਜਿਹੇ ਦੇਸ਼ ਵਜੋਂ ਜਾਣਦੀ ਹੈ, ਜਿਸ 'ਤੇ ਕਬਜ਼ਾ ਕੀਤਾ ਹੋਇਆ ਹੈ। ਸਾਡੇ ਉੱਤੇ ਇੱਕ ਅਪਰਾਧਿਕ ਤਾਕਤ ਨੇ ਕਬਜ਼ਾ ਕਰ ਲਿਆ ਹੈ। ਟਰੰਪ ਨੇ ਉਪ ਰਾਸ਼ਟਰਪਤੀ ਕਮਲਾ ਹੈਰਿਸ ਨੂੰ ਵੀ ਅਪਰਾਧੀ ਦੱਸਿਆ ਤੇ ਕਿਹਾ - ਜੇ ਕਮਲਾ ਹੈਰਿਸ ਰਾਸ਼ਟਰਪਤੀ ਬਣ ਗਈ ਤਾਂ ਦੇਸ਼ ਤਬਾਹ ਹੋ ਜਾਵੇਗਾ। ਟਰੰਪ ਨੇ ਦਾਅਵਾ ਕੀਤਾ ਕਿ ਵੈਨੇਜ਼ੁਏਲਾ ਦੇ ਲੋਕਾਂ ਨੂੰ ਕੋਲੋਰਾਡੋ 'ਚ ਪੁਲਿਸ 'ਤੇ ਗੋਲੀ ਚਲਾਉਣ ਦੀ ਇਜਾਜ਼ਤ ਦਿੱਤੀ ਗਈ ਹੈ। ਹਾਲਾਂਕਿ ਨਿਊਯਾਰਕ ਟਾਈਮਜ਼ ਨੇ ਆਪਣੀ ਰਿਪੋਰਟ ਵਿੱਚ ਟਰੰਪ ਦੇ ਇਸ ਦਾਅਵੇ ਨੂੰ ਝੂਠਾ ਦੱਸਿਆ ਹੈ। ਟਰੰਪ ਨੇ ਕਿਹਾ ਕਿ ਜੇ ਹੈਰਿਸ ਚੋਣ ਜਿੱਤ ਜਾਂਦੀ ਹੈ ਤਾਂ 20 ਮਿਲੀਅਨ ਨਵੇਂ ਪ੍ਰਵਾਸੀ ਅਮਰੀਕਾ ਆਉਣਗੇ ਤੇ ਸਾਡਾ ਦੇਸ਼ ਤਬਾਹ ਹੋ ਜਾਵੇਗਾ। ਟਰੰਪ ਨੇ ਕਿਹਾ ਕਿ ਉਹ ਪ੍ਰਵਾਸੀਆਂ ਦੇ ਖ਼ਿਲਾਫ਼ ਆਪਰੇਸ਼ਨ ਅਰੋਰਾ ਸ਼ੁਰੂ ਕਰਨਗੇ। ਇਸ ਦੇ ਤਹਿਤ ਸਰਕਾਰ ਨੂੰ ਉਨ੍ਹਾਂ ਦੇਸ਼ਾਂ 'ਚ ਵਿਦੇਸ਼ ਭੇਜਣ ਦੀ ਇਜਾਜ਼ਤ ਦਿੱਤੀ ਜਾਵੇਗੀ, ਜਿਨ੍ਹਾਂ ਖ਼ਿਲਾਫ਼ ਅਮਰੀਕਾ ਜੰਗ ਲੜ ਰਿਹਾ ਹੈ। ਇਸ ਤੋਂ ਪਹਿਲਾਂ ਮਈ 2024 'ਚ ਟਰੰਪ ਨੇ ਇਕ ਇੰਟਰਵਿਊ 'ਚ ਕਿਹਾ ਸੀ ਕਿ ਗ਼ੈਰ-ਕਾਨੂੰਨੀ ਪ੍ਰਵਾਸੀਆਂ ਕਾਰਨ ਕਈ ਸ਼ਹਿਰਾਂ 'ਚ ਸਥਿਤੀ ਖਰਾਬ ਹੋ ਗਈ ਹੈ। ਜੇ ਉਹ ਰਾਸ਼ਟਰਪਤੀ ਬਣਦੇ ਹਨ ਤਾਂ ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਦੇਸ਼ ਤੋਂ ਬਾਹਰ ਕੱਢ ਦੇਣਗੇ।

## ਮਾਨਸੂਨ ਦੀ ਹੋਈ ਵਿਦਾਈ, ਮੌਸਮ ਬਦਲਿਆ, ਠੰਡ ਦੇ ਰਹੀ ਦਸਤਕ

**ਨਵੀਂ ਦਿੱਲੀ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਮਾਨਸੂਨ ਨੇ ਦਿੱਲੀ ਸਮੇਤ ਉੱਤਰੀ ਭਾਰਤ ਨੂੰ ਅਲਵਿਦਾ ਕਹਿ ਦਿੱਤਾ ਹੈ। ਹੁਣ ਠੰਡ ਦੀ ਉਡੀਕ ਹੈ। ਜੇਕਰ ਹਾਲਾਤ ਇਸੇ ਤਰ੍ਹਾਂ ਰਹੇ ਤਾਂ ਲਗਭਗ ਇਕ ਹਫਤੇ ਤੱਕ ਦਿਨ ਦੇ ਤਾਪਮਾਨ 'ਚ ਕੋਈ ਖਾਸ ਗਿਰਾਵਟ ਨਹੀਂ ਆਵੇਗੀ। ਰਾਤ ਦੇ ਤਾਪਮਾਨ ਵਿੱਚ ਮਾਮੂਲੀ ਗਿਰਾਵਟ ਆਵੇਗੀ। ਪਰ ਇੱਕ ਹਫ਼ਤੇ ਬਾਅਦ ਠੰਢ ਕਦੇ ਵੀ ਦਸਤਕ ਦੇ ਸਕਦੀ ਹੈ। ਅਨੁਮਾਨਾਂ ਨੇ 21-22 ਅਕਤੂਬਰ ਤੋਂ ਦਿਨ ਦੇ ਤਾਪਮਾਨ ਵਿੱਚ ਗਿਰਾਵਟ ਦਾ ਸੁਝਾਅ ਦਿੱਤਾ ਹੈ। ਆਮ ਤੌਰ 'ਤੇ ਉੱਤਰੀ ਭਾਰਤ ਵਿੱਚ ਨਵੰਬਰ ਦੇ ਪਹਿਲੇ ਹਫ਼ਤੇ ਤੋਂ ਠੰਢ ਸ਼ੁਰੂ ਹੋ ਜਾਂਦੀ ਹੈ, ਪਰ ਅਕਤੂਬਰ ਦੇ ਦੂਜੇ ਹਫ਼ਤੇ ਤੋਂ ਤਾਪਮਾਨ ਡਿੱਗਣਾ ਸ਼ੁਰੂ ਹੋ ਜਾਂਦਾ ਹੈ। ਆਈਐਮਡੀ ਦੇ ਡਾਇਰੈਕਟਰ ਜਨਰਲ ਡਾਕਟਰ ਮ੍ਰਿਤੁੰਜੇ ਮਹਾਪਾਤਰਾ ਨੇ ਉੱਤਰੀ ਭਾਰਤ ਦੇ ਰਾਜਾਂ ਨੂੰ ਭਾਰਤ ਦੇ ਦੱਖਣੀ ਹਿੱਸੇ ਵਿੱਚ ਅਰਬ ਸਾਗਰ ਅਤੇ ਬੰਗਾਲ ਦੀ ਖਾੜੀ ਵਿੱਚ ਬਣੇ ਘੱਟ ਦਬਾਅ ਵਾਲੇ ਖੇਤਰ ਤੋਂ ਪ੍ਰਭਾਵਿਤ ਨਹੀਂ ਦੱਸਿਆ ਹੈ। ਇਸ ਦੇ ਪ੍ਰਭਾਵ ਕਾਰਨ ਤੱਟਵਰਤੀ ਖੇਤਰਾਂ ਅਤੇ ਕੁਝ ਦੱਖਣੀ ਰਾਜਾਂ ਵਿੱਚ ਹੀ ਬਾਰਿਸ਼ ਹੋਵੇਗੀ। ਉੱਤਰੀ ਮੱਧ ਪ੍ਰਦੇਸ਼ ਅਤੇ ਛੱਤੀਸਗੜ੍ਹ ਦੇ ਕੁਝ ਖੇਤਰ ਵੀ ਪ੍ਰਭਾਵਿਤ ਹੋ ਸਕਦੇ ਹਨ, ਪਰ ਉੱਤਰ ਪ੍ਰਦੇਸ਼ ਅਤੇ ਬਿਹਾਰ ਸਮੇਤ ਉੱਤਰੀ ਭਾਰਤ ਦੇ ਕਈ ਰਾਜਾਂ 'ਤੇ ਇਸ ਦਾ ਜ਼ਿਆਦਾ ਅਸਰ ਨਹੀਂ ਹੋਵੇਗਾ। ਅਰਬ ਸਾਗਰ ਵਿੱਚ ਇੱਕ ਸਰਕੂਲੇਸ਼ਨ ਬਣ ਗਿਆ ਹੈ, ਜੋ ਐਤਵਾਰ ਸਵੇਰ ਤੱਕ ਡੂੰਘੇ ਦਬਾਅ ਵਿੱਚ ਬਦਲ ਜਾਵੇਗਾ, ਪਰ ਇਹ ਭਾਰਤ ਲਈ ਖ਼ਤਰਾ ਪੈਦਾ ਕਰਨ ਵਾਲਾ ਨਹੀਂ ਹੈ, ਕਿਉਂਕਿ ਇਸਦਾ ਦਿਸ਼ਾ ਓਮਾਨ ਵੱਲ ਹੈ। ਦੂਜਾ ਦਬਾਅ ਦੱਖਣੀ ਬੰਗਾਲ ਦੀ ਖਾੜੀ ਵੱਲ ਵੀ ਬਣਿਆ ਹੈ, ਜਿਸ ਦਾ ਅਧਿਐਨ ਕੀਤਾ ਜਾ ਰਿਹਾ ਹੈ। ਅਗਲੇ ਕੁਝ ਘੰਟਿਆਂ ਵਿੱਚ ਇਹ ਚੱਕਰਵਾਤ ਵਿੱਚ ਤਬਦੀਲ ਹੋਣ ਦੀ ਸੰਭਾਵਨਾ ਹੈ, ਜਿਸਦਾ ਸਭ ਤੋਂ ਵੱਧ ਅਸਰ ਆਂਧਰਾ ਪ੍ਰਦੇਸ਼ ਅਤੇ ਤਾਮਿਲਨਾਡੂ ਵਿੱਚ ਹੋ ਸਕਦਾ ਹੈ।

### ਭਾਈ ਜਸਵੰਤ ਸਿੰਘ ਦੇ ਘਰ ਪੁੱਤਰ ਦੀ ਦਾਤ ਬਖਸ਼ਣ 'ਤੇ

# ਅਕਾਲ ਪੁਰਖ ਵਾਹਿਗੁਰੂ ਦਾ ਕੋਟਿਨ-ਕੋਟਿ ਧੰਨਵਾਦ : ਸੰਤ ਚਰਨਜੀਤ ਸਿੰਘ ਜੱਸੋਵਾਲ



ਸੰਤ ਚਰਨਜੀਤ ਸਿੰਘ ਜੱਸੋਵਾਲ ਜੀ



ਗੁਰੂ ਸਾਹਿਬ ਨੇ ਮਿਹਰ ਕਰਕੇ ਅਨਿੰਨ ਸਿੱਖ ਵੀਰ ਸਵ. ਭਾਈ ਰਣਜੀਤ ਸਿੰਘ ਅਤੇ ਉਨ੍ਹਾਂ ਦੇ ਵੀਰ ਰਛਪਾਲ ਸਿੰਘ ਮਹੱਲਾ ਜੱਟਾਂ ਗੜ੍ਹਦੀਵਾਲਾ ਦੇ ਗੁਰਸਿੱਖ ਤੇ ਸਮਾਜ ਸੇਵੀ ਭਰਾਵਾਂ ਦੇ ਘਰ ਪੰਜ ਪੋਤਰੀਆਂ ਤੋਂ ਬਾਅਦ ਪੁੱਤਰ ਦੀ ਦਾਤ ਬਖਸ਼ੀ ਹੈ। ਪਰਿਵਾਰ ਦੇ ਜਾਣਕਾਰ ਤੇ ਸਾਥੀ ਸਮਾਜ ਸੇਵੀਆਂ ਵਲੋਂ ਗੁਰੂ ਸਾਹਿਬ ਦੀ ਮਿਹਰ ਦੀ ਖੁਸ਼ੀ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ। ਇਸ ਮੌਕੇ ਸੰਤ ਚਰਨਜੀਤ ਸਿੰਘ ਜੱਸੋਵਾਲ ਨੇ 'ਆਵਾਜ਼ਿ ਕੌਮ' ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵੱਡੇ ਭਾਈ ਜਸਵੰਤ ਸਿੰਘ ਦੇ ਪਰਿਵਾਰ ਵਿੱਚ ਅਕਾਲ ਪੁਰਖ ਵਾਹਿਗੁਰੂ ਨੇ ਪੰਜ ਬੱਚੀਆਂ ਤੋਂ ਬਾਅਦ ਪੁੱਤਰ ਦੀ ਦਾਤ ਬਖਸ਼ਿਸ਼ ਕੀਤੀ ਹੈ, ਜਿਸ ਲਈ ਸਭ ਤੋਂ ਪਹਿਲਾਂ ਪ੍ਰਮੇਸ਼ਵਰ ਦਾ ਧੰਨਵਾਦ ਅਤੇ ਸਮੁੱਚੇ ਪਰਿਵਾਰ ਨੂੰ ਵਧਾਈ। ਆਓ, ਰਲ ਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਦਿਆਂ ਪੋਤਰੇ ਦੇ ਗੁਰਸਿੱਖ ਜੀਵਨ, ਪੰਥ ਸੇਵੀ , ਚੰਗੀ ਸਿਹਤ, ਉਮਰ ਤੇ ਨੇਕ ਕਰਮਾਂ ਦੇ ਧਾਰਨੀ ਹੋਣ ਦੀ ਗੁਰੂ ਅੱਗੇ ਅਰਜ਼ ਕਰੀਏ ਤੇ ਸੰਗਤੀ ਹਿਰਦੇ ਵਿਚੋਂ ਅਸੀਸਾਂ ਵੀ ਦਈਏ!

### ਵੱਡੀ ਗਿਣਤੀ ਪੰਚਾਇਤੀ ਚੋਣਾਂ ਰੱਦ ਕਰਨ ਦੇ ਸੁਣਾਏ ਫੈਸਲੇ

# ਸਰਕਾਰ ਦੇ ਮੂੰਹ 'ਤੇ ਚਪੇੜ : ਜੀਤਮਹਿੰਦਰ ਸਿੱਧੂ



**ਤਲਵੰਡੀ ਸਾਬੋ, 12 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਪੰਚਾਇਤੀ ਚੋਣਾਂ 'ਚ ਸੱਤਾਧਿਰ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਜਿਤਾਉਣ ਦੇ ਮਕਸਦ ਨਾਲ ਨਾਮਜ਼ਦਗੀਆਂ ਦੀ ਪੜਤਾਲ ਦੌਰਾਨ ਲਾਮਿਸਾਲ ਧੱਕੇਸ਼ਾਹੀ ਦਾ ਮੁਜ਼ਾਹਰਾ ਕਰਕੇ ਵੱਡੀ ਗਿਣਤੀ ਸਰਪੰਚੀ ਅਤੇ ਪੰਚੀ ਦੇ ਉਮੀਦਵਾਰਾਂ ਦੇ ਨਾਮਜ਼ਦਗੀ ਕਾਗਜ਼ ਰੱਦ ਕਰਨ ਉਪਰੰਤ ਪੈਦਾ ਹੋਈ ਸਥਿਤੀ ਤੋਂ ਬਾਅਦ ਮਾਣਯੋਗ ਹਾਈਕੋਰਟ ਅਤੇ ਚੋਣ ਕਮਿਸ਼ਨ ਵੱਲੋਂ ਵੱਡੀ ਤਾਦਾਦ 'ਚ ਪੰਚਾਇਤਾਂ ਦੀਆਂ ਚੋਣਾਂ ਰੱਦ ਕਰਨ ਦੇ ਸੁਣਾਏ ਫੈਸਲਿਆਂ ਨੇ ਸੱਤਾਧਿਰ ਦੇ ਮੂੰਹ ਚਪੇੜ ਮਾਰਨ ਦਾ ਕੰਮ ਕੀਤਾ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਦੇ ਸੀਨੀਅਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਕੀਤਾ। ਸਿੱਧੂ ਜੋ ਕਿ ਪਿੰਡ ਤਿਉਣਾ ਪੁਜਾਰੀਆਂ 'ਚ ਇੱਕ ਨਿੱਜੀ ਸਮਾਗਮ 'ਚ ਸ਼ਮੂਲੀਅਤ ਕਰਨ ਪੁੱਜੇ ਸਨ ਨੇ ਦੌਰੇ ਉਪਰੰਤ ਗੱਲਬਾਤ ਕਰਦਿਆਂ ਕਿਹਾ ਕਿ ਇਸ ਵਾਰ ਸੱਤਾਧਿਰ ਆਮ ਆਦਮੀ ਪਾਰਟੀ ਨੇ ਪੰਚਾਇਤੀ ਚੋਣਾਂ ਚ ਸਾਰੇ ਨਿਯਮਾਂ ਨੂੰ ਛਿੱਕੇ ਟੰਗ ਕੇ ਆਪਣੇ ਉਮੀਦਵਾਰ ਧੱਕੇ ਨਾਲ ਜਿਤਾਉਣ ਦੀ ਕੋਸ਼ਿਸ ਕੀਤੀ ਪਰ ਸ਼ਾਇਦ ਉਹ ਭੁੱਲ ਗਏ ਸਨ ਕਿ ਪੰਜਾਬੀ ਕਦੇ ਧੱਕਾ ਬਰਦਾਸ਼ਤ ਨਹੀ ਕਰਦੇ ਉਨਾਂ ਕਿਹਾ ਕਿ ਇਹ ਵੀ ਪਹਿਲੀ ਵਾਰ ਹੋਇਆ ਹੋਵੇਗਾ ਕਿ ਪੰਚਾਇਤੀ ਚੋਣਾਂ ਦੇ ਖਿਲਾਫ ਇੰਨੀ ਵੱਡੀ ਪੱਧਰ ਤੇ ਪਟੀਸ਼ਨਾਂ ਮਾਣਯੋਗ ਅਦਾਲਤਾਂ 'ਚ ਦਾਖਲ ਹੋਈਆਂ ਅਤੇ ਕਾਫੀ ਤਾਦਾਦ ਚ ਸ਼ਿਕਾਇਤਾਂ ਪੰਜਾਬ ਚੋਣ ਕਮਿਸ਼ਨ ਕੋਲ ਪੁੱਜੀਆਂ। ਉਨਾਂ ਕਿਹਾ ਕਿ ਸਮੁੱਚੀ ਸਥਿਤੀ ਤੋਂ ਬਾਅਦ ਮਾਣਯੋਗ ਹਾਈਕੋਰਟ ਵੱਲੋਂ 250 ਤੋਂ ਵੱਧ ਪੰਚਾਇਤਾਂ ਦੀ ਚੋਣ ਪ੍ਰਕ੍ਰਿਆ ਤੇ ਰੋਕਣ ਅਤੇ ਅੱਜ ਚੋਣ ਕਮਿਸ਼ਨ ਵੱਲੋਂ ਗਿੱਦੜਬਾਹਾ ਹਲਕੇ ਦੇ ਵੱਡੀ ਗਿਣਤੀ ਪਿੰਡਾਂ ਚ ਪੰਚਾਇਤੀ ਚੋਣਾਂ 'ਤੇ ਰੋਕ ਲਗਾਉਣ ਦੇ ਆਏ ਫੈਸਲਿਆਂ ਨੇ ਧੱਕੇਸ਼ਾਹੀ ਕਰਨ ਵਾਲੀ ਸੱਤਾਧਿਰ ਦੇ ਮੂੰਹ ਚਪੇੜ ਮਾਰੀ ਹੈ। ਸਿੱਧੂ ਨੇ ਕਿਹਾ ਕਿ ਚੰਗਾ ਹੋਵੇ ਸੱਤਾਧਿਰ ਅਜੇ ਵੀ ਸਮਝ ਤੋਂ ਕੰਮ ਲਵੇ ਅਤੇ 15 ਅਕਤੂਬਰ ਨੂੰ ਹੋ ਰਹੀਆਂ ਪੰਚਾਇਤੀ ਚੋਣਾਂ ਪਾਰਦਰਸ਼ੀ ਢੰਗ ਨਾਲ ਹੋਣ ਦੇਵੇ ਤਾਂਕਿ ਪਿੰਡਾਂ ਦੇ ਲੋਕ ਆਪਣੇ ਪਸੰਦੀਦਾ ਨੁਮਾਇੰਦੇ ਚੁਣ ਸਕਣ। ਇਸ ਮੌਕੇ ਸੀ. ਕਾਂਗਰਸੀ ਆਗੂ ਅਮਰਜੀਤ ਸਿੰਘ ਨਵਾਂ ਪਿੰਡ ਅਤੇ ਸੁਖਬੀਰ ਸਿੰਘ ਚੱਠਾ, ਗੁਰਮੀਤ ਸਿੰਘ ਤਿਉਣਾ ਪੁਜਾਰੀਆਂ, ਸੇਵਕ ਤੰਗਰਾਲੀ, ਧਰਵਿੰਦਰ ਢਿੱਲੋਂ ਗਿਆਨਾ, ਹਰਪਾਲ ਗਾਟਵਾਲੀ ਪੰਚ, ਬਲਦੇਵ ਨੰਬਰਦਾਰ ਗਹਿਲੇਵਾਲਾ ਆਦਿ ਮੌਜੂਦ ਸਨ।



# ਹਰਜਿੰਦਰ ਸਿੰਘ ਜਲਾਲ ਉਸਮਾ ਨੂੰ ਜਿਲਾ ਅੰਮਿਤਸਰ ਐਕਸਾਈਜ਼ ਤੇ ਟੈਕਸੇਸ਼ਨ ਸਲਾਹਕਾਰ ਦਾ ਮੈਂਬਰ ਨਿਯੁਕਤ



**ਚੌਕ ਮਹਿਤਾ, 12 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਲੀਡਰ ਸਮਾਜ ਸੇਵੀ ਹਰਜਿੰਦਰ ਸਿੰਘ ਜਲਾਲ ਉਸਮਾ ਜੋ ਕਿ ਪਹਿਲਾਂ ਵੀ ਵਪਾਰ ਮੰਡਲ ਵਿੰਗ ਜਿਲਾ ਅੰਮ੍ਰਿਸਰ ਦਾ ਵਾਈਸ ਪ੍ਰਧਾਨ ਅਤੇ ਪੀ ਏ ਸ੍ਰੀ ਵਿਨੀਤ ਵਰਮਾ ਜੀ ਦੀ ਆਮ ਆਦਮੀ ਪਾਰਟੀ ਦੀ ਸੇਵਾ ਬਾਖੂਬੀ ਨਾਲ ਨਿਭਾ ਰਹੇ ਹਨ। ਪਾਰਟੀ ਹਾਈ ਕਮਾਡ ਨੇ ਸ, ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਦੀ ਮਿਹਨਤ ਨੂੰ ਦੇਖਦੇ ਹੋਏ। ਇਕ ਹੋਰ ਜਿਮੇਵਾਰੀ ਸੌਂਪੀ ਗਈ ਹੈ। ਉਨ੍ਹਾਂ ਨੂੰ ਜਿਲਾ ਅੰਮ੍ਰਿਸਰ ਐਕਸਾਈਜ਼ ਤੇ ਟੈਕਸੇਸ਼ਨ ਦਾ ਸਲਾਹਕਾਰ ਕਮੇਟੀ ਦਾ ਮੈਬਰ ਪੰਜਾਬ ਸਰਕਾਰ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਤੇ ਸ, ਹਰਜਿੰਦਰ ਸਿੰਘ ਜਲਾਲ ਉਸਮਾ ਨੇ ਕਿਹਾ ਕਿ ਜੇ ਮੈਨੂੰ ਹਾਈ ਕਮਾਡ ਨੇ ਜਿਮੇਵਾਰੀ ਸੌਂਪੀ ਗਈ ਹੈ ਮੈਂ ਦਿਨ ਰਾਤ ਇਕ ਕਰਕੇ ਪਾਰਟੀ ਦੀ ਸੇਵਾ ਲਈ ਹਾਜਰ ਰਹਾਂਗਾ। ਉਨ੍ਹਾਂ ਨੇ ਪਾਰਟੀ ਹਾਈ ਕਮਾਡ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਉਨ੍ਹਾਂ ਨੇ ਕਿਹਾ ਕਿ ਸ, ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਜੀ ਮਾਨ, ਪੰਜਾਬ ਦੇ ਕੈਬਨਿਟ ਮੰਤਰੀ ਸ, ਹਰਭਜਨ ਸਿੰਘ ਈ ਟੀ ਉ, ਸ੍ਰੀ ਵਿਨੀਤ ਵਰਮਾ ਮੈਬਰ ਪੰਜਾਬ ਰਾਜ ਟ੍ਰੇਡਰਜ ਕਮਿਸਨ ਪੰਜਾਬ ਸਰਕਾਰ ਅਤੇ ਸ੍ਰੀ ਸੀਤਲ ਜਨੇਜਾ ਮੈਬਰ ਪੰਜਾਬ ਸਟੇਟ ਟ੍ਰੇਡਰਜ ਕਮਿਸਨ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਸੁਰਜੀਤ ਸਿੰਘ ਕੰਗ ਪੰਜਾਬ ਸਕੱਤਰ ਕਿਸਾਨ ਵਿੰਗ, ਸ੍ਰੀ ਨਰੇਸ਼ ਪਾਠਕ ਐਸ ਐਸ ਬੋਰਡ ਪੰਜਾਬ, ਸੁਰਿੰਦਰ ਸਿੰਘ ਮਟੌਰ ਮੋਹਾਲੀ, ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਲੀਡਰ ਸਰਪੰਚ ਠੇਕੇਦਾਰ ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ,ਬੂਟਾ ਸਿੰਘ ਮੀਡੀਆ ਇੰਨਚਾਰਜ ਜੰਡਿਆਲਾ ਗੁਰੂ, ਅਵਤਾਰ ਸਿੰਘ ਵਿਰਕ, ਬਲਜੀਤ ਸਿੰਘ ਜੋੜਾ, ਹਰਵਿੰਦਰ ਸਿੰਘ ਡਾਇਮੰਡ ਆਦਿ ਸੀਨੀਅਰ ਲੀਡਰ ਹਾਜ਼ਰ ਸਨ।

## ਖੱਤਰੀ ਭਵਨ ਫ਼ਿਰੋਜ਼ਪੁਰ ਵਿਖੇ ਮਨਾਇਆ ਖੱਤਰੀ ਦਿਵਸ—ਸ਼ਸ਼ਤਰਾਂ ਦੀ ਕੀਤੀ ਪੂਜਾ



**ਫ਼ਿਰੋਜ਼ਪੁਰ, 12 ਅਕਤੂਬਰ (ਮਨੋਹਰ ਲਾਲ)** :— ਵਿਜਯਦਸਮੀ ਅਤੇ ਖੱਤਰੀ ਦਿਵਸ ਦੇ ਸ਼ੁਭ ਦਿਹਾੜੇ ਤੇ ਅੱਜ ਖੱਤਰੀ ਭਵਨ ਫ਼ਿਰੋਜ਼ਪੁਰ ਸ਼ਹਿਰ ਵਿਖੇ ਇਕੱਤਰ ਹੋਏ ਖੱਤਰੀਆਂ ਵੱਲੋਂ ਸਾਦਾ ਤੇ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਜੁੜੇ ਵੱਡੀ ਗਿਣਤੀ ਖੱਤਰੀ ਭਾਈਚਾਰੇ ਦੇ ਨੁਮਾਇੰਦਿਆਂ ਵੱਲੋਂ ਜਿਥੇ ਸਸ਼ਤਰ ਪੂਜਾ ਕੀਤੀ ਗਈ, ਉਥੇ ਖੱਤਰੀਆਂ ਦੇ ਗੌਰਵਮਈ ਇਤਿਹਾਸ ਬਾਰੇ ਖੁੱਲ ਕੇ ਵਿਚਾਰ—ਚਰਚਾ ਕੀਤੀ ਗਈ। ਇਸ ਮੌਕੇ ਵਿਚਾਰ ਸਾਂਝੇ ਕਰਦਿਆਂ ਖੱਤਰੀ ਮਹਾਂ ਸਭਾ ਪੰਜਾਬ ਦੇ ਸਕੱਤਰ ਸ੍ਰੀ ਪਵਨ ਭੰਡਾਰੀ ਨੇ ਸਪੱਸ਼ਟ ਕੀਤਾ ਕਿ ਵਿਜਯਦਸ਼ਮੀ ਨੂੰ ਖੱਤਰੀ ਦਿਵਸ ਵਜੋਂ ਹੀ ਮਣਾਇਆ ਜਾਂਦਾ ਹੈ, ਕਿਉਂਕਿ ਖੱਤਰੀ ਭਗਵਾਨ ਸ੍ਰੀ ਰਾਮ ਦੇ ਵੰਸਜ਼ ਹਾਂ। ਉਨ੍ਹਾਂ ਕਿਹਾ ਕਿ ਖੱਤਰੀਆਂ ਦੇ ਮਾਣਮੱਤੇ ਇਤਿਹਾਸ ਤੇ ਸਾਨੂੰ ਮਾਣ ਹੈ ਅਤੇ ਸਾਨੂੰ ਖੱਤਰੀ ਹੋਣ ਤੇ ਵੀ ਮਾਣ ਹੈ, ਕਿਉਂਕਿ ਸਾਡੇ ਪੂਰਵਜ ਪੁਰਾਤਣ ਸਮੇਂ ਦੇ ਰਾਜੇ, ਮਹਾਰਾਜੇ ਰਹੇ ਹਨ ਅਤੇ ਖੱਤਰੀਆਂ ਦੇ ਰਾਜ ਵਿਚ ਹਰ ਵਰਗ ਨੇ ਖੁਸ਼ਹਾਲ ਭਰੀ ਜਿੰਦਗੀ ਬਤੀਤ ਕੀਤੀ ਹੈ। ਗੱਲਬਾਤ ਕਰਦਿਆਂ ਸ੍ਰੀ ਭੰਡਾਰੀ ਨੇ ਕਿਹਾ ਕਿ ਬੇਸ਼ੱਕ ਦੁਸਹਿਰਾ ਸਾਡੇ ਲਈ ਖੱਤਰੀ ਦਿਵਸ ਵਜੋਂ ਅਹਿਮ ਮਹਾਨਤਾ ਰੱਖਦਾ ਹੈ, ਪਰ ਦੁਸਹਿਰੇ ਦਾ ਤਿਉਹਾਰ ਸਾਨੂੰ ਨੇਕੀ ਦੇ ਰਾਹ ਚੱਲਣ ਲਈ ਪ੍ਰੇਰਿਤ ਕਰਦਾ ਹੈ। ਇਸ ਮੌਕੇ ਖੱਤਰੀ ਵੈਲਫੇਅਰ ਸਭਾ ਦੇ ਚੇਅਰਮੈਨ ਸ੍ਰੀ ਤਰਸੇਮ ਬੇਦੀ, ਸੁਰਿੰਦਰ ਬੇਰੀ ਸਕੱਤਰ, ਕੁਲਦੀਪ ਮੈਨੀ ਕੈਸ਼ੀਅਰ, ਯੁਵਾ ਖੱਤਰੀ ਮਹਾਂ ਸਭਾ ਪੰਜਾਬ ਦੇ ਪ੍ਰਧਾਨ ਅੰਕੁਸ਼ ਭੰਡਾਰੀ, ਸਪੋਕਸਪਰਸਨ ਗੌਰਵ ਬਹਿਲ, ਸਰਪੰਚ ਹੀਰਾ ਪੁੱਗਲ ਬਲਾਕ ਪ੍ਰਧਾਨ, ਮੁਨੀਸ਼ ਮਹਿਤਾ, ਅਮਿਤ ਵਧਾਵਨ, ਅਸ਼ੋਕ ਕਪਾਹੀ, ਉਕਾਂਰ ਮਲਹੋਤਰਾ, ਵਿਨੋਦ ਧਵਨ ਸਮੇਤ ਵੱਡੀ ਗਿਣਤੀ ਵਿਚ ਖੱਤਰੀਆਂ ਨੇ ਇਕੱਤਰ ਹੋ ਕੇ ਸਸ਼ਤਰ ਪੂਜਾ ਕੀਤੀ।

## ✵ ਫੋਟੋ ਗੈਲਰੀ ✵




ਪਿੰਡ ਭਾਗੀਵਾਂਦਰ ਦੇ ਵਾਰਡ ਨੰਬਰ 01 ਤੋਂ ਪੰਚ ਉਮੀਦਵਾਰ ਕੁਲਵਿੰਦਰ ਕੌਰ ਪਤਨੀ ਸਮਾਜ ਸੇਵੀ ਗੁਰਜੰਟ ਸਿੰਘ ਨੂੰ ਕੇਲਿਆਂ ਨਾਲ ਤੋਲਦੇ ਹੋਏ ਪਿੰਡ ਵਾਸੀ।

**ਫੋਟੋ ਤੇ ਵੇਰਵਾ : ਗੁਰਜੰਟ ਸਿੰਘ ਨਥੇਹਾ ਤਲਵੰਡੀ ਸਾਬੋ**

# ਜੈਨੇਸਿਸ ਅਮਨਦੀਪ ਸਿੰਘ ਨੇ ਵਿਸ਼ਵ ਗਠੀਆ ਦਿਵਸ ਮਨਾਇਆ

**ਫ਼ਿਰੋਜ਼ਪੁਰ, 12 ਅਕਤੂਬਰ (ਮਨੋਹਰ ਲਾਲ)** :— ਜੈਨੇਸਿਸ ਅਮਨਦੀਪ ਹਸਪਤਾਲ ਨੇ ਵਿਸ਼ਵ ਗਠੀਆ ਦਿਵਸ ਮਨਾਉਂਦਿਆਂ ਲੋਕਾਂ ਨੂੰ ਇਸ ਬਿਮਾਰੀ ਦੇ ਲੱਛਣ ਅਤੇ ਬਚਾਓ ਬਾਰੇ ਜਾਗਰੂਕ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਆਗੂਆਂ ਨੇ ਦੱਸਿਆ ਕਿ ਹਸਪਤਾਲ ਵਿੱਚ ਆਰਥੋਪੀਡਿਕ ਇਲਾਜ ਕਰਵਾਉਣ ਆਏ ਮਰੀਜ਼ਾਂ ਨੂੰ ਬੁਲਾ ਕੇ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਉਦੇਸ਼ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਖੁਸ਼ੀਆਂ ਭਰਿਆ ਸਮਾਂ ਪ੍ਰਦਾਨ ਕਰਨਾ

ਆਵਾਜ਼ਿ ਕੌਮ AWAZE QAUM International Newspaper & WEB TV

ਸੀ। ਪ੍ਰੋਗਰਾਮ ਦੌਰਾਨ ਵੱਖ—ਵੱਖ ਖੇਡਾਂ ਕਰਵਾਈਆਂ ਗਈਆਂ ਅਤੇ ਮਰੀਜ਼ਾਂ ਨੇ ਚਾਹ ਦੇ ਕੱਪ ਤੇ ਆਪਣੇ ਤਜ਼ਰਬੇ ਸਾਂਝੇ ਕੀਤੇ। ਇਲਾਜ ਕਰਵਾਉਣ ਆਏ ਮਰੀਜ਼ਾਂ ਜਸਪਾਲ ਸਿੰਘ, ਤਰਸੇਮ ਸਿੰਘ, ਬੀਰਮਾ ਦੇਵੀ, ਨਿਦਰਪਾਲ ਕੌਰ, ਰਾਜਵਿੰਦਰ ਕੌਰ, ਲਾਜਵੰਤੀ ਨੇ ਹਸਪਤਾਲ ਦੇ ਮੁੱਖ ਆਰਥੋਪੀਡਿਕ ਸਰਜਨ ਡਾ: ਅਵਤਾਰ ਸਿੰਘ ਅਤੇ ਡਾ: ਕਨਿਸ਼ਕ ਕਿੰਨਰ ਦੀ ਅਗਵਾਈ ਵਾਲੀ ਸਮੁੱਚੀ ਮੈਡੀਕਲ ਟੀਮ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਜੈਨੇਸਿਸ ਅਮਨਦੀਪ ਹਸਪਤਾਲ ਫਿਰੋਜ਼ਪੁਰ ਅਤੇ ਇਸ ਦੇ ਆਸ—ਪਾਸ ਦੇ ਇਲਾਕਾ ਨਿਵਾਸੀਆਂ ਲਈ ਵਰਦਾਨ ਸਾਬਤ ਹੋ ਰਿਹਾ ਹੈ ਜਿੱਥੇ ਵਧੀਆ ਇਲਾਜ ਅਤੇ ਸੇਵਾਵਾਂ ਉਪਲਬਧ ਹਨ, ਇਹ ਪ੍ਰੋਗਰਾਮ ਮਰੀਜ਼ਾਂ ਦੇ ਮਨੋਬਲ ਨੂੰ ਵਧਾਉਣ ਅਤੇ ਉਨ੍ਹਾਂ ਦੇ ਇਲਾਜ ਦੇ ਤਜ਼ਰਬਿਆਂ ਨੂੰ ਸਾਂਝਾ ਕਰਨ ਦਾ ਇੱਕ ਵਧੀਆ ਉਪਰਾਲਾ ਸੀ। ਇਸ ਮੌਕੇ ਮਰੀਜ਼ ਜਸਪਾਲ ਸਿੰਘ ਨੇ ਪ੍ਰੋਗਰਾਮ ਦੌਰਾਨ ਆਪਣਾ ਤਜਰਬਾ ਸਾਂਝਾ ਕਰਦਿਆਂ ਕਿਹਾ ਕਿ ਉਸ ਨੂੰ ਜੈਨੇਸਿਸ ਅਮਨਦੀਪ ਹਸਪਤਾਲ ਵਿੱਚ ਇਲਾਜ ਕਰਵਾ ਕੇ ਕਾਫੀ ਰਾਹਤ ਮਿਲੀ ਹੈ, ਉਸਨੇ ਹਸਪਤਾਲ ਦੇ ਡਾਕਟਰਾਂ ਅਤੇ ਮੈਡੀਕਲ ਟੀਮ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਸਦੇ ਇਲਾਜ ਨਾਲ ਨਾ ਸਿਰਫ ਉਸਦੀ ਸਰੀਰਕ ਸਿਹਤ ਵਿੱਚ ਸੁਧਾਰ ਹੋਇਆ ਹੈ, ਬਲਕਿ ਉਹ ਮਾਨਸਿਕ ਤੌਰ ਤੇ ਵੀ ਕਾਫੀ ਬਿਹਤਰ ਮਹਿਸੂਸ ਕਰ ਰਿਹਾ ਹੈ। ਸ੍ਰੀ ਜਸਪਾਲ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਘਟਨਾਵਾਂ ਮਰੀਜ਼ਾਂ ਨੂੰ ਇਕੱਠੇ ਹੋਣ ਅਤੇ ਆਪਣੇ ਅਨੁਭਵ ਸਾਂਝੇ ਕਰਨ ਦਾ ਮੌਕਾ ਪ੍ਰਦਾਨ ਕਰਦੀਆਂ ਹਨ, ਜੋ ਕਿ ਬਹੁਤ ਪ੍ਰੇਰਨਾਦਾਇਕ ਹੈ।







ਉਨ੍ਹਾਂ ਹਸਪਤਾਲ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਉਨ੍ਹਾਂ ਦੇ ਜੀਵਨ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਵਿੱਚ ਮਦਦ ਮਿਲੀ ਹੈ। ਇਸ ਮੌਕੇ ਬਿਰਮਾ ਦੇਵੀ ਨੇ ਪ੍ਰੋਗਰਾਮ ਵਿੱਚ ਆਪਣੀਆਂ ਭਾਵਨਾਵਾਂ ਸਾਂਝੀਆਂ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਜੈਨੇਸਿਸ ਅਮਨਦੀਪ ਹਸਪਤਾਲ ਵਿੱਚ ਇਲਾਜ ਕਰਵਾ ਕੇ ਕਾਫੀ ਰਾਹਤ ਮਿਲੀ ਹੈ, ਉਸ ਨੇ ਕਿਹਾ ਕਿ ਹਸਪਤਾਲ ਦੀ ਟੀਮ ਖਾਸ ਕਰਕੇ ਡਾਕਟਰਾਂ ਨੇ ਉਸ ਨੂੰ ਚੰਗੀ ਸਿਹਤ ਵੱਲ ਵਧਣ ਵਿੱਚ ਮਦਦ ਕੀਤੀ। ਬੀਰਮਾ ਦੇਵੀ ਨੇ ਇਹ ਵੀ ਦੱਸਿਆ ਕਿ ਪ੍ਰੋਗਰਾਮ ਵਿੱਚ ਹਿੱਸਾ ਲੈਣਾ ਉਸ ਲਈ ਖੁਸ਼ੀ ਦੀ ਗੱਲ ਸੀ ਕਿਉਂਕਿ ਇਸ ਨਾਲ ਉਸ ਨੂੰ ਹੋਰ ਮਰੀਜ਼ਾਂ ਨਾਲ ਗੱਲਬਾਤ ਕਰਨ ਅਤੇ ਆਪਣੇ ਤਜ਼ਰਬੇ ਸਾਂਝੇ ਕਰਨ ਦਾ ਮੌਕਾ ਮਿਲਿਆ। ਉਨ੍ਹਾਂ ਹਸਪਤਾਲ ਦੇ ਮਾਹੌਲ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਉਨ੍ਹਾਂ ਨੂੰ ਇਥੋਂ ਦੇ ਸਟਾਫ ਦਾ ਸਹਿਯੋਗ ਪਸੰਦ ਆਇਆ। ਸ੍ਰੀ ਤਰਸੇਮ ਸਿੰਘ ਨੇ ਦੱਸਿਆ ਕਿ ਜੈਨੇਸਿਸ ਅਮਨਦੀਪ ਹਸਪਤਾਲ ਵਿਚ ਇਲਾਜ ਕਰਵਾਉਣ ਤੋਂ ਬਾਅਦ ਉਸ ਦੀ ਜ਼ਿੰਦਗੀ ਵਿਚ ਕਾਫੀ ਬਦਲਾਅ ਆਇਆ ਹੈ, ਉਸ ਨੇ ਕਿਹਾ ਕਿ ਹਸਪਤਾਲ ਦੀ ਮੈਡੀਕਲ ਟੀਮ ਨੇ ਉਸ ਨੂੰ ਨਾ ਸਿਰਫ਼ ਸਰੀਰਕ ਤੌਰ ਤੇ ਸਗੋਂ ਮਾਨਸਿਕ ਤੌਰ ਤੇ ਵੀ ਬਿਹਤਰ ਬਣਾਇਆ ਹੈ। ਉਸ ਨੇ ਹਸਪਤਾਲ ਦੇ ਸਟਾਫ਼ ਅਤੇ ਡਾਕਟਰਾਂ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਉਸ ਦੇ ਇਲਾਜ ਵਿੱਚ ਬਹੁਤ ਮਦਦ ਕੀਤੀ। ਸ੍ਰੀ ਤਰਸੇਮ ਸਿੰਘ ਅਨੁਸਾਰ ਅਜਿਹੇ ਪ੍ਰੋਗਰਾਮ ਮਰੀਜ਼ਾਂ ਲਈ ਸਕਾਰਾਤਮਕ ਮਾਹੌਲ ਸਿਰਜਣ ਵਿੱਚ ਮਦਦ ਕਰਦੇ ਹਨ, ਜਿਸ ਨਾਲ ਉਹ ਆਪਣੀ ਸਿਹਤ ਪ੍ਰਤੀ ਵਧੇਰੇ ਪ੍ਰੇਰਿਤ ਹੁੰਦੇ ਹਨ।

## ਦੇਸ਼ ਕੌਮ ਦੇ ਰਾਖੇ ਸੂਬੇਦਾਰ ਸੁੱਚਾ ਸਿੰਘ ਦੁੱਬਲੀ ਦੀ

# ਅੰਤਿਮ ਅਰਦਾਸ ਅਤੇ ਪਾਠ ਦਾ ਭੋਗ 13 ਅਕਤੂਬਰ ਨੂੰ ਪਿੰਡ ਦੁੱਬਲੀ ਵਿਖੇ ਪਾਇਆ

ਫ਼ਿਰੋਜ਼ਪੁਰ, 12 ਅਕਤੂਬਰ (ਮਨੋਹਰ ਲਾਲ) :— ਦੇਸ਼ ਕੌਮ ਦੇ ਰਾਖੇ ਸੂਬੇਦਾਰ ਸੁੱਚਾ ਸਿੰਘ ਦੁੱਬਲੀ ਦੀ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ 13 ਅਕਤੂਬਰ ਦਿਨ ਐਤਵਾਰ ਨੂੰ ਪਿੰਡ ਦੁੱਬਲੀ ਤਹਿਸੀਲ ਪੱਟੀ ਜ਼ਿਲ੍ਹਾ ਤਰਨ ਤਾਰਨ ਵਿਖੇ ਪਾਇਆ ਜਾਵੇਗਾ। ਇਥੇ ਇਹ ਦਸਣਯੋਗ ਹੈ ਕਿ ਸੂਬੇਦਾਰ ਸੁੱਚਾ ਸਿੰਘ ਦੁੱਬਲੀ ਦਾ ਜਨਮ 20 ਸਤੰਬਰ 1945 ਨੂੰ ਮਾਤਾ ਸ੍ਰੀਮਤੀ ਦਲੀਪ ਕੌਰ ਪਿਤਾ ਸਰਦੂਲ ਸਿੰਘ ਦੇ ਘਰ ਪਿੰਡ ਦੁੱਬਲੀ ਤਹਿਸੀਲ ਪੱਟੀ ਜ਼ਿਲ੍ਹਾ ਤਰਨ ਤਾਰਨ ਵਿਖੇ ਹੋਇਆ। ਸੂਬੇਦਾਰ ਸੁੱਚਾ ਸਿੰਘ ਪੜ੍ਹਾਈ ਦੇ ਨਾਲ—ਨਾਲ ਬਾਸਕਟ ਬਾਲ ਦਾ ਖਿਡਾਰੀ ਸੀ, ਜਿਸ ਨੇ ਖੇਡਾਂ ਵਿਚ ਵੱਡਾ ਨਾਮਣਾ ਖੱਟਿਆ ਅਤੇ ਆਪਣੇ ਸਾਥੀਆਂ ਨੂੰ ਖੇਡਾਂ ਨਾਲ ਜੋੜਿਆ। ਸੂਬੇਦਾਰ ਸੁੱਚਾ ਸਿੰਘ ਨੇ ਨੌਕਰੀ ਦੇ ਨਾਲ—ਨਾਲ ਘਰ ਦੀਆਂ ਜਿੰਮੇਵਾਰੀਆਂ ਵੀ ਪੂਰੀ ਤਰ੍ਹਾਂ ਸੰਭਾਲਦੇ ਸਨ ਅਤੇ ਇਨ੍ਹਾਂ ਦੇ 5 ਭਰਾ ਅਤੇ ਤਿੰਨ ਭੈਣਾਂ ਸਨ, ਪਰ ਇਨ੍ਹਾਂ ਦੇ ਚਾਚੇ ਤਾਇਆ ਦਾ ਸਾਰਾ ਪਰਿਵਾਰ ਹੀ ਇਕੱਠਾ ਸੀ, ਜਿਨ੍ਹਾਂ ਵਿਚ ਇਨ੍ਹਾਂ ਦੇ 12 ਭਰਾ ਸਨ, ਇਕੱਠੇ ਹੀ ਰਹਿੰਦੇ ਸੀ ਅਤੇ ਇਨ੍ਹਾਂ ਨੇ ਆਪਣੇ ਚਾਚੇ ਤਾਇਆਂ ਦੇ ਅਤੇ ਆਪਣੇ ਭਰਾ ਜੋ ਸਾਰੇ ਇਕੱਠੇ ਹੀ ਰਹਿੰਦੇ ਸੀ ਸਾਰਿਆਂ ਦੇ ਵਿਆਹ ਦੀ ਜਿੰਮੇਵਾਰੀ ਨਿਭਾ ਕੇ ਆਪ ਫਿਰ ਵੱਖਰੇ ਹੋਏ ਅਤੇ ਆਪਣੇ ਵੱਡੇ ਭਰਾ ਹੋਣ ਦਾ ਫਰਜ ਇਨ੍ਹਾਂ ਨੇ ਬੇਖੂਬੀ ਨਿਭਾਇਆ। ਇਹ ਫਸਟ ਸਿੱਖ ਰੈਜੀਮੈਂਟ ਵਿਚ ਵਿਲਖਣ ਪਹਿਚਾਣ ਸਥਾਪਿਤ ਕੀਤੀ ਅਤੇ ਇਨ੍ਹਾਂ ਨੇ ਜ਼ੋਗਿੰਦਰ ਸਿੰਘ ਤੇ ਕਰਮ ਸਿੰਘ ਜੋ ਕਿ ਫਸਟ ਸਿੱਖ ਰੈਜੀਮੈਂਟ ਵਿਚ ਪਰਮਵੀਰ ਚੱਕਰ ਪ੍ਰਾਪਤ ਕੀਤਾ ਜੋ ਕਿ ਇਨ੍ਹਾਂ ਦੇ ਸਾਥੀ ਸਨ ਅਤੇ ਅਕਤੂਬਰ 1993 ਨੂੰ ਰਿਟਾਇਰਮੈਂਟ ਹੋਏ ਅਤੇ 4 ਅਕਤੂਬਰ 2024 ਨੂੰ ਉਹ ਸਦਾ—ਸਦਾ ਲਈ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ, ਪਿਛੇ ਪਰਿਵਾਰ, ਰਿਸ਼ਤੇਦਾਰ, ਸਕੇ ਸਬੰਧੀਆਂ, ਯਾਰ—ਮਿੱਤਰਾਂ ਨੂੰ ਗੁਰੂ ਆਸਰੇ ਛੱਡ ਗਏ। ਇਨ੍ਹਾਂ ਦਾ ਛੋਟਾ ਭਰਾ ਸੂਬੇਦਾਰ ਚਰਨ ਸਿੰਘ ਕੀਰਤੀ ਚੱਕਰਾ ਜਿਹੜਾ ਕਿ ਫ਼ਿਰੋਜ਼ਪੁਰ ਰਹਿੰਦੇ ਹਨ, ਨਾਲ—ਨਾਲ ਵੱਖ—ਵੱਖ ਆਗੂਆਂ ਨੇ ਦੁੱਖ ਦਾ ਪ੍ਰਗਟਾਵਾ ਕੀਤਾ, ਜਿਨ੍ਹਾਂ ਵਿਚ ਜ਼ਿਲ੍ਹਾ ਤਰਨਤਾਰਨ ਦੇ ਪ੍ਰਧਾਨ ਲੀਗ ਮੁਖਤਿਆਰ ਸਿੰਘ, ਕੈਪਟਨ ਦਿਆਲ ਸਿੰਘ ਪੱਟੀ ਪ੍ਰਧਾਨ, ਕੈਪਟਨ ਜਰਨੈਨ ਸਿੰਘ ਫ਼ਿਰੋਜ਼ਪੁਰ ਜ਼ਿਲ੍ਹਾ ਪ੍ਰਧਾਨ, ਕੈਪਟਨ ਦਵਿੰਦਰ ਸਿੰਘ ਫ਼ਿਰੋਜ਼ਪੁਰ ਜ਼ਿਲ੍ਹਾ ਪ੍ਰਧਾਨ, ਕੈਪਟਨ ਦਵਿੰਦਰ ਸਿੰਘ ਸੈਕਟਰੀ, ਸੂਬੇਦਾਰ ਸਵਰਨ ਸਿੰਘ, ਹੌਲਦਾਰ ਜ਼ਸਵੰਤ ਸਿੰਘ, ਹੌਲਦਾਰ ਬਲਵੰਤ ਸਿੰਘ, ਸਵਰਨ ਸਿੰਘ, ਹੌਲਦਾਰ ਲਖਵਿੰਦਰ ਸਿੰਘ, ਕੈਪਟਨ ਕਰਨੈਲ ਸਿੰਘ, ਭਰਾ ਕੈਪਟਨ ਜਰਨੈਲ ਸਿੰਘ, ਕੈਪਟਨ ਲਖਵਿੰਦਰ ਸਿੰਘ ਸੈਕਟਰੀ, ਕੈਪਟਨ ਪੰਜਾਬ ਸਿੰਘ, ਕੈਪਟਨ ਸੁਰਜੀਤ ਸਿੰਘ ਭੱਟੀ, ਹੌਲਦਾਰ ਸੁਰਜੀਤ ਸਿੰਘ ਫੌਜੀ, ਸੂਬੇਦਾਰ ਗੁਲਾਬ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸਾਬਕਾ ਫੌਜੀ ਸੂਬੇਦਾਰ ਚਰਨ ਸਿੰਘ ਕੀਰਤੀ ਚੱਕਰਾ ਭਰਾ ਨਾਲ ਪਿੰਡ ਦੁੱਬਲੀ ਵਿਖੇ ਅੰਤਿਮ ਅਰਦਾਸ ਵਿਚ ਸ਼ਾਮਲ ਹੋਏ। ਸੂਬੇਦਾਰ ਸੁੱਚਾ ਸਿੰਘ ਦੁੱਬਲੀ ਦਾ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ 13 ਅਕਤੂਬਰ 2024 ਦਿਨ ਐਤਵਾਰ ਨੂੰ ਉਨ੍ਹਾਂ ਦੇ ਗ੍ਰਹਿ ਵਿਖੇ ਪਾਇਆ ਜਾਵੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

# ਦੁਸਹਿਰੇ ਨੂੰ ਸਮਰਪਿਤ ਸੀਨੀਅਰ ਸਿਟੀਜਨ ਕੌਂਸਲ ਦੀ ਮੀਟਿੰਗ ਬਾਗਬਾਨ ਵਿਖੇ ਹੋਈ

**ਫ਼ਿਰੋਜ਼ਪੁਰ, 12 ਅਕਤੂਬਰ (ਮਨੋਹਰ ਲਾਲ)** :— ਸੀਨੀਅਰ ਸਿਟੀਜਨ ਕੌਂਸਲ ਦੀ ਮੀਟਿੰਗ ਬਾਗਬਾਨ ਵਿਖੇ ਨੇਕੀ ਦੀ ਜਿੱਤ ਤੇ ਬੁਰਾਈ ਦੀ ਹਾਰ ਦੁਸਹਿਰੇ ਤੇ ਹੋਈ। ਇਸ ਮੌਕੇ ਤੇ ਸ੍ਰੀ ਪੀ.ਡੀ ਸ਼ਰਮਾ ਐਡਵੋਕੇਟ ਜ਼ਿਲ੍ਹਾ ਪ੍ਰਧਾਨ ਸੀਨੀਅਰ ਸਿਟੀਜਨ ਕੌਂਸਲ, ਸ੍ਰੀ ਐਚ.ਸੀ ਚੋਪੜਾ ਜਨਰਲ ਸਕੱਤਰ, ਸਵਰਨ ਸਿੰਘ ਜਨਰਲ ਸਕੱਤਰ, ਵਿਨੋਦ ਗਰੋਵਰ ਹੈਡ ਕੈਸ਼ੀਅਰ, ਮੱਖਣ ਲਾਲ ਢੀਂਗੜਾ ਕੈਸ਼ੀਅਰ

ਆਵਾਜ਼ਿ ਕੌਮ AWAZE QAUM International Newspaper & WEB TV

ਦੀ ਦੇਖ—ਰੇਖ ਵਿਚ ਹੋਈ। ਇਸ ਮੀਟਿੰਗ ਵਿਚ ਸਭ ਤੋਂ ਪਹਿਲਾਂ ਰੰਗਾ—ਰੰਗ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿਚ ਕਾਫੀ ਬਜ਼ੁਰਗਾਂ ਨੇ ਗੀਤ ਸੰਗਤੀ, ਭਜਨ ਤੋਂ ਇਲਾਵਾ ਆਪਣੇ—ਆਪਣੇ ਸੁਝਾਅ ਪੇਸ਼ ਕੀਤੇ। ਇਸ ਮੌਕੇ ਤੇ ਸ੍ਰੀ ਪੀ.ਡੀ. ਸ਼ਰਮਾ ਐਡਵੋਕੇਟ ਜ਼ਿਲ੍ਹਾ ਪ੍ਰਧਾਨ ਨੇ ਬੋਲਦਿਆਂ ਕਿਹਾ ਕਿ ਸਾਡੀ ਸੀਨੀਅਰ ਸਿਟੀਜਨ ਕੌਂਸਲ ਜਿਹੜੀ ਕਿ ਲੋਕ ਭਲਾਈ ਦੇ ਕੰਮਾਂ ਵਿਚ ਹਮੇਸ਼ਾ ਮੂਹਰਲੀ ਕਤਾਰ ਵਿਚ ਸ਼ਹਿਰ ਦੀ ਕੋਈ ਵੀ ਸਮੱਸਿਆ ਹੋਵੇ ਸਾਡੇ ਮੈਂਬਰਾਂ ਦੇ ਸਹਿਯੋਗ ਨਾਲ ਜ਼ਿਲ੍ਹਾ ਪ੍ਰਸ਼ਾਸਨ ਨਾਲ ਸਲਾਹ ਮਸ਼ਵਰਾ ਕਰਕੇ ਹੱਲ ਕੀਤਾ ਜਾਂਦੇ ਹਨ। ਇਹ ਤੁਹਾਡੇ ਸਾਰਿਆਂ ਦੇ ਸਹਿਯੋਗ ਨਾਲ ਹੱਲ ਹੋਏ ਹਨ, ਮੈਨੂੰ ਬਹੁਤ ਖੁਸ਼ੀ ਹੋਈ ਹੈ ਕਿ ਮੈਂ ਜਦੋਂ ਵੀ ਸੀਨੀਅਰ ਸਿਟੀਜਨ ਕੌਂਸਲ ਦੇ ਮੈਂਬਰਾਂ ਨੂੰ ਸਿਰਫ ਇਕ ਸੁਨੇਹਾ ਲਾਉਂਦਾ ਹਾਂ, ਉਹ ਸਾਰੇ ਤਿਆਰ ਹੁੰਦੇ ਹਨ। ਇਸ ਮੌਕੇ ਤੇ ਜਲੇਬੀਆਂ ਅਤੇ ਸਮੋਸਿਆਂ ਦਾ ਲੰਗਰ ਲਾਇਆ ਗਿਆ। ਇਸ ਮੌਕੇ ਤੇ ਦੀਵਾਨ ਚੰਦ ਸੁਖੀਜਾ ਨੇ ਜਲੇਬੀ ਦਾ ਗੀਤ ਆਪਣੇ ਮਨੋ ਬਣਾਇਆ ਕਿ ਜਲੇਬੀ ਕਹਿੰਦੀ ਹੈ ਕਿ ਮੈਨੂੰ ਜਲਦੀ ਖਾ ਲਓ, ਮੈਂ ਠੰਡੀ ਹੋ ਜਾਵਾਂਗੀ, ਤਾਲੀਆਂ ਮਾਰ ਕੇ ਸਵਾਗਤ ਕੀਤਾ ਗਿਆ। ਇਸ ਮੌਕੇ ਤੇ ਸੀਨੀਅਰ ਸਿਟੀਜਨ ਕੌਂਸਲ ਦੇ ਸਮੂਹ ਮੈਂਬਰ ਸਾਹਿਬਾਨ ਹਾਜ਼ਰ ਸਨ।






# ਸਰਕਾਰ ਦੀ ਸ਼ਿਹ ਤੇ ਏਜੰਸੀਆਂ ਦੇ ਅਧਿਕਾਰੀ ਮੁਲਾਜ਼ਮ ਸਾਨੂੰ ਬਿਨਾਂ ਵਜਾ ਪਰੇਸ਼ਾਨ ਕਰ ਰਹੇ ਹਨ:- ਗੁਰਮੁਖ ਸਿੰਘ, ਪੰਜਾਬ ਬੱਲ



**ਜੰਡਿਆਲਾ ਗੁਰੂ, 12 ਅਕਤੂਬਰ ( ਕੁਲਵੰਤ ਸਿੰਘ ਵਿਰਦੀ)**-ਸਿੱਖ ਮੁੱਦਿਆਂ ਦੇ ਆਧਾਰ ਤੇ ਅਤੇ ਕੁਰਾਹੇ ਪਏ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਤ ਕਰਦਿਆਂ ਆਪਣੀ ਇਸ ਆਵਾਜ਼ ਨੂੰ ਬੁਲੰਦ ਕਰਨ ਵਾਲੇ "ਵਾਰਿਸ਼ ਪੰਜਾਬ ਦੇ" ਜਥੇਬੰਦੀ ਦੇ ਮੁੱਖ ਸੇਵਾਦਾਰ ਅਤੇ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਰਿਸ਼ਤੇਦਾਰਾਂ ਨੇ ਕੇਂਦਰ ਦੀ ਜਾਂਚ ਏਜੰਸੀ ਦੇ ਅਧਿਕਾਰੀਆਂ ਉੱਪਰ ਦੋਸ਼ ਲਾਇਆ ਕਿ ਉਨਾਂ ਦੁਆਰਾ ਸਾਨੂੰ ਨਾਜਾਇਜ ਤੰਗ ਪਰੇਸ਼ਾਨ ਕੀਤਾ ਜਾ ਰਿਹਾ ਹੈ ਭਾਈ ਸਾਹਿਬ ਦੇ ਰਿਸ਼ਤੇਦਾਰ ਗੁਰਮੁਖ ਸਿੰਘ ਘਮਾਣ ਅਤੇ ਪੱਤਰਕਾਰ ਪੰਜਾਬ ਸਿੰਘ ਬੱਲ ਨੇ ਪ੍ਰੈਸ ਕਾਨਫਰੰਸ ਦੌਰਾਨ ਕਿਹਾ ਕਿ ਬੀਤੇ ਦਿਨੀ ਏਜੰਸੀ ਦੇ ਅਧਿਕਾਰੀਆਂ ਤੇ ਮੁਲਾਜ਼ਮਾਂ ਨੇ ਗੁਰਮੁਖ ਸਿੰਘ ਦੇ ਘਰ ਤੜਕਸਾਰ ਪਹੁੰਚ ਕੇ ਘਰ ਦੀ ਤਲਾਸ਼ੀ ਲਈ ਤਿੰਨ ਮੋਬਾਈਲ ਫੋਨ ਬੈਂਕ ਖਾਤਿਆਂ ਦੀਆਂ ਪਾਸਬੁਕ ਅਤੇ ਘਰ ਵਿੱਚ ਲੱਗੇ ਕੈਮਰਿਆਂ ਦੀ ਰਿਕਾਡੰਗ ਦੀ ਹਾਰਡ ਡਿਸਕ ਆਦਿ ਵੀ ਲੈ ਗਏ ਗੁਰਮੁਖ ਸਿੰਘ ਨੇ ਦੱਸਿਆ ਕਿ ਭਾਈ ਅੰਮ੍ਰਿਤਪਾਲ ਸਿੰਘ ਦੀ ਭੈਣ ਮੇਰੀ ਪਤਨੀ ਦੇ ਛੋਟੇ ਭਰਾ ਅਮਰਜੋਤ ਸਿੰਘ ਨਾਲ ਵਿਆਹੀ ਹੋਈ ਹੈ ਇਸ ਕਰਕੇ ਹੀ ਸਰਕਾਰ ਦੀ ਸ਼ਿਹ ਤੇ ਏਜੰਸੀਆਂ ਦੇ ਅਧਿਕਾਰੀ ਮੁਲਾਜ਼ਮ ਆਦ ਸਾਨੂੰ ਬਿਨਾਂ ਵਜਾ ਪਰੇਸ਼ਾਨ ਕਰ ਰਹੇ ਹਨ ਗੁਰਮੁਖ ਸਿੰਘ ਨੇ ਜੰਡਿਆਲਾ ਗੁਰੂ ਵਿਖੇ ਆਪਣੀ ਭੈਣ ਦੇ ਘਰ ਪੁੱਜ ਕੇ ਪੰਜਾਬ ਸਿੰਘ ਬੱਲ ਦੇ ਗ੍ਰਹਿ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਪੱਤਰਕਾਰਾਂ ਨੂੰ ਦੱਸਿਆ ਕਿ ਭਾਈ ਸਾਹਿਬ ਨਾਲ ਰਿਸ਼ਤੇਦਾਰੀ ਕਰਕੇ ਅਮਰਜੋਤ ਸਿੰਘ ਦੇ ਖਿਲਾਫ ਵੀ ਬੰਬ ਧਮਾਕੇ ਦਾ ਨਾ ਜਾਇਜ਼ ਪਰਚਾ ਦਰਜ ਕੀਤਾ ਗਿਆ ਹੈ ਜਦ ਕਿ ਕੁਝ ਸਮਾਂ ਪਹਿਲਾਂ ਅਮਰਜੋਤ ਸਿੰਘ ਨੇ ਭਾਈ ਅੰਮ੍ਰਿਤ ਪਾਲ ਸਿੰਘ ਤੇ ਉਹਨਾਂ ਦੇ ਸਾਥੀਆਂ ਖਿਲਾਫ ਕੀਤੀ ਗਈ ਨਾਜਾਇਜ਼ ਕਾਰਵਾਈ ਦੇ ਸਬੰਧ ਚ ਕੈਨੇਡਾ ਦੇ ਅਟਾਵਾ ਵਿਖੇ ਸਿੱਖ ਜਥੇਬੰਦੀਆਂ ਦੁਆਰਾ ਭਾਰਤੀ ਅੰਬੈਸੀ ਦੇ ਸਾਹਮਣੇ ਕੀਤੇ ਗਏ ਰੋਸ ਪ੍ਰਦਰਸ਼ਨ ਵਿੱਚ ਸ਼ਮੂਲੀਅਤ ਕੀਤੀ ਸੀ ਇਸ ਸੰਦਰਭ ਵਿੱਚ ਹੀ ਅਮਰਜੋਤ ਸਿੰਘ ਖਿਲਾਫ ਭਾਰਤ ਵਿਖੇ ਬੰਬ ਧਮਾਕੇ ਦਾ ਨਾ ਜਾਇਜ਼ ਮੁਕਦਮਾ ਦਰਜ ਕਰ ਦਿੱਤਾ ਗਿਆ ਜਦ ਕੇ ਰੋਸ ਮੁਜਾਹਰੇ ਮੌਕੇ ਉਥੇ ਕੈਨੇਡੀਅਨ ਪੁਲਿਸ ਵੀ ਹਾਜ਼ਰ ਸੀ ਜਿਸ ਨੇ ਦਾਅਵਾ ਕੀਤਾ ਕਿ ਉਸ ਮੌਕੇ ਉੱਥੇ ਕੋਈ ਵੀ ਧਮਾਕਾ ਨਹੀਂ ਹੋਇਆ ਗੁਰਮੁਖ ਸਿੰਘ ਨੇ ਹੋਰ ਦੱਸਿਆ ਕਿ ਅਧਿਕਾਰੀਆਂ ਨੇ ਸਾਡੇ ਘਰ ਛਾਪੇਮਾਰੀ ਉਸ ਵਕਤ ਕੀਤੀ ਜਦੋਂ ਬੱਚਿਆਂ ਦੇ ਸਕੂਲ ਜਾਣ ਦਾ ਸਮਾਂ ਸੀ ਅਤੇ ਅਮਰਜੋਤ ਸਿੰਘ ਦੇ ਘਰ ਵੀ ਸਰਕਾਰੀ ਅਧਿਕਾਰੀ ਕੰਧਾ ਟੱਪ ਕੇ ਅੰਦਰ ਵੜੇ ਭਾਵੇਂ ਕਿ ਉਸ ਵਕਤ ਘਰ ਵਿੱਚ ਪਿੰਡ ਬਤਾਲਾ ਵਿਖੇ ਕੇਵਲ ਦੋ ਔਰਤਾਂ ਅਤੇ ਦੋ ਬੱਚੀਆਂ ਹੀ ਘਰ ਵਿੱਚ ਮੌਜੂਦ ਸਨ ਇਸ ਤੋਂ ਇਲਾਵਾ ਕਈ ਹੋਰ ਰਿਸ਼ਤੇਦਾਰਾਂ ਦੇ ਘਰ ਵੀ ਛਾਪੇਮਾਰੀ ਕੀਤੀ ਗਈ ਇਸ ਮੌਕੇ ਪੰਜਾਬ ਸਿੰਘ ਬੱਲ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਅਮਰਜੋਤ ਸਿੰਘ ਦਾ ਦੋ ਤਿੰਨ ਪਹਿਲਾਂ ਹੀ ਮੇਰੇ ਫੋਨ ਤੇ ਵਾਈਸ ਮੈਸੇਜ ਆਇਆ ਸੀ ਕਿ ਮੈਂ ਜਿਸ ਵੀ ਰਿਸ਼ਤੇਦਾਰ ਜਾਂ ਸਾਂਝ ਵਾਲੇ ਨੂੰ ਫੋਨ ਕਰਦਾ ਹਾਂ ਭਾਰਤ ਅਤੇ ਪੰਜਾਬ ਵਿੱਚ ਉਸ ਵਿਅਕਤੀ ਦੇ ਪਰਿਵਾਰ ਤੱਕ ਨੂੰ ਸਰਕਾਰੀ ਏਜੰਸੀਆਂ ਦੇ ਅਧਿਕਾਰੀ ਪੁੱਛ ਗਿਛ ਰਾਹੀਂ ਤੰਗ ਪਰੇਸ਼ਾਨ ਕਰਨਾ ਸ਼ੁਰੂ ਕਰ ਦਿੰਦੇ ਹਨ ਜਿਸ ਕਰਕੇ ਮੈਂ ਆਪਣੇ ਪਰਿਵਾਰ ਅਤੇ ਰਿਸ਼ਤੇਦਾਰਾਂ ਨੂੰ ਫੋਨ ਕਰਨ ਤੋਂ ਵੀ ਝਿਜਕਦਾ ਹਾਂ ਪੰਜਾਬ ਸਿੰਘ ਬੱਲ ਨੇ ਹੋਰ ਕਿਹਾ ਕਿ ਅਧਿਕਾਰੀਆਂ ਦੁਆਰਾ ਸਾਡੇ ਬੱਚਿਆਂ ਤੱਕ ਦੀ ਪੁੱਛ ਪੜਤਾਲ ਅਤੇ ਉਹਨਾਂ ਦੇ ਮੋਬਾਈਲ ਨੰਬਰ ਮੰਗੇ ਗਏ ਜਿਸ ਤੋਂ ਸਪਸ਼ਟ ਹੁੰਦਾ ਹੈ ਕਿ ਸਰਕਾਰੀ ਅਧਿਕਾਰੀ ਭਾਈ ਅੰਮ੍ਰਿਤਪਾਲ ਸਿੰਘ ਨਾਲ ਵਾਹ ਵਾਸਤਾ ਰੱਖਣ ਵਾਲੇ ਪਰਿਵਾਰਾਂ ਦੇ ਬੱਚਿਆਂ ਨੂੰ ਵੀ ਡਰਾਉਣ ਧਮਕਾਉਣ ਦੀਆਂ ਕੋਸ਼ਿਸ਼ਾਂ ਕਰ ਰਹੇ ਹਨ। ਪ੍ਰੰਤੂ ਉਹ ਆਪਣੀਆਂ ਕੋਸ਼ਿਸ਼ਾਂ ਵਿੱਚ ਕਦੇ ਵੀ ਸਫਲ ਨਹੀਂ ਹੋਣਗੇ

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਪੰਡੋਰੀ ਬੈਂਸਾਂ ਵਿੱਚ ਬੜੀ ਹੀ ਧੂਮ ਧਾਮ ਨਾਲ ਮਨਾਇਆ ਗਿਆ ਵਿਜੇ ਦਸਮੀ ਦਾ ਤਿਉਹਾਰ: ਸਲਾਰੀਆ



**ਸ੍ਰੀ ਹਰਗੋਬਿੰਦਪੁਰ ਸਾਹਿਬ, 12 ਅਕਤੂਬਰ (ਕੁਲਜੀਤ ਸਿੰਘ ਖੋਖਰ)**-ਅੱਜ ਮੰਡਲ ਪੁਰਾਣਾ ਸ਼ਾਲਾ ਦੇ ਅਧੀਨ ਪੈਂਦੇ ਪਿੰਡ ਪੰਡੋਰੀ ਬੈਂਸਾਂ ਵਿੱਚ ਸਮੂਹ ਪਿੰਡ ਵਾਸੀਆਂ ਵੱਲੋਂ ਵਿਜੇ ਦਸਮੀ ਦਾ ਤਿਉਹਾਰ ਬੜੀ ਹੀ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਤੇ ਮੰਡਲ ਪੁਰਾਣਾ ਸ਼ਾਲਾ ਦੇ ਭਾਜਪਾ ਪ੍ਰਧਾਨ ਰਣਜੀਤ ਸਿੰਘ ਸਲਾਰੀਆ ਜੀ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਮੂਹ ਨਗਰ ਨਿਵਾਸੀਆਂ ਵੱਲੋਂ ਵਿਜੇ ਦਸਮੀ ਦਾ ਤਿਉਹਾਰ ਦੁਸਹਿਰਾ ਮਨਾਇਆ ਜਾ ਰਿਹਾ ਹੈ। ਪਿੰਡ ਦੇ ਨੌਜਵਾਨਾਂ ਨੇ ਪਿੱਛਲੇ ਦੱਸ ਦਿਨਾਂ ਤੋਂ ਰਾਮ ਲੀਲਾ ਕਰ ਰਹੇ ਸੀ ਅੱਜ ਵਿਜੇ ਦਸਮੀ ਦੇ ਦਿਨ ਭਗਵਾਨ ਸ੍ਰੀ ਰਾਮ ਚੰਦਰ ਜੀ ਨੇ ਹੰਕਾਰੀ ਲੱਕਾਂ ਪਤੀ ਰਾਵਣ ਨੂੰ ਮਾਰਕੇ ਧਰਮ ਦੀ ਰੱਖਿਆ ਕੀਤੀ । ਇਸ ਮੌਕੇ ਤੇ ਮਹਾਂਵੀਰ ਡਰਾਮਾਟਿਕ ਕਲੱਬ ਦੀ ਸਮੂਹ ਟੀਮ ਅਤੇ ਰਾਮ ਲੀਲਾ ਵਿੱਚ ਬਣੇ ਕਲਾਕਾਰਾਂ ਦਾ ਹੋਸਲਾ ਅਫਜ਼ਾਈ ਲਈ ਪਿੰਡ ਦੇ ਪਤਵੰਤੇ ਸੱਜਣ ਨੇ ਆਪਣਾਂ ਯੋਗਦਾਨ ਪਾਇਆ । ਸਾਰੇ ਪਿੰਡ ਦੇ ਲੋਕਾਂ ਨੇ ਇਸ ਤਿਉਹਾਰ ਨੂੰ ਬੜੇ ਪਿਆਰ ਅਤੇ ਧੂਮ ਧਾਮ ਨਾਲ ਮਨਾਇਆ । ਰਾਮ ਲੀਲਾ ਦਾ ਸਮਾਪਨ ਸਮਾਰੋਹ ਦੌਰਾਨ ਕਲਾਂ ਕਰਾਂ ਨੂੰ ਸ਼ੀਲਡਾਂ ਵੱਡ ਕੇ ਹੋਸਲਾ ਅਫਜ਼ਾਈ ਕੀਤੀ ਗਈ

## ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ

# ਧੂਮ ਧਾਮ ਨਾਲ ਮਨਾਇਆ ਦੁਸਹਿਰਾ ਪੁਰਬ





**ਸ੍ਰੀ ਹਜ਼ੂਰ ਸਾਹਿਬ ਨਾਂਦੇੜ, 12 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਚਰਨਛੋਹ ਅਸਥਾਨ ਤਖਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਨਾਂਦੇੜ ਵਿਖੇ ਹਰ ਸਾਲ ਦੀ ਤਰਾਂ ਦੁਸਹਿਰਾ ਪੁਰਬ ਬੜੀ ਸ਼ਰਧਾ ਭਾਵਨਾ ਤੇ ਚੜਦੀ ਕਲਾ ਨਾਲ ਮਨਾਇਆ ਗਿਆ। 9 ਅਕਤੂਬਰ 2024 ਤੋਂ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿੱਚ ਪੰਥਕ ਕਵੀਸ਼ਰੀ ਤੇ ਢਾਡੀ ਜੱਥਿਆ ਨੇ ਹਾਜਰੀਆਂ ਲਾਈਆਂ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸੰਤ ਬਾਬਾ ਜਗਿੰਦਰ ਸਿੰਘ ਜੀ ਮੋਨੀ ਦੀ ਮਿੱਠੀ ਯਾਦ ਵਿੱਚ ਮਿਤੀ 11 ਅਕਤੂਬਰ ਦੀ ਰਾਤ ਨੂੰ ਬਾਬਾ ਸਰਬਜੋਤ ਸਿੰਘ ਜੀ ਭੱਲਾ ਅਤੇ ਮਾਤਾ ਕਮਲਾ ਕੌਰ ਜੀ ਵੱਲੋਂ ਸਿੰਘ ਸਾਹਿਬ ਜਥੇਦਾਰ ਸੰਤ ਬਾਬਾ ਕੁਲਵੰਤ ਸਿੰਘ ਜੀ ਤੇ ਸਮੂਹ ਪੰਜ ਪਿਆਰੇ ਸਾਹਿਬਾਨ ਦੀ ਸਰਪ੍ਰਸਤੀ ਅਤੇ ਡਾ. ਵਿਜੇ ਸਤਬੀਰ ਸਿੰਘ ਜੀ ਮੁੱਖ ਪ੍ਰਬੰਧਕ ਗੁਰਦੁਆਰਾ ਬੋਰਡ ਦੇ ਸਹਿਯੋਗ ਨਾਲ ਰੈਣ ਸਬਾਈ ਕੀਰਤਨ ਦਰਬਾਰ ਦੀ ਆਯੋਜਨ ਕੀਤਾ ਗਿਆ ਪ੍ਰੰਪਰਾਵਾਂ ਅਨੁਸਾਰ ਮਿਤੀ 3 ਅਕਤੂਬਰ 2024 ਤੋਂ ਤਖ਼ਤ ਸਾਹਿਬ ਵਿਖੇ ਸ੍ਰੀ ਦਸਮ ਗ੍ਰੰਥ ਸਾਹਿਬ ਵਿਚੋਂ ਯੁੱਧਮਈ ਬਾਣੀ ਦੇ ਪਾਠ ਰੋਜਾਨਾ ਕੀਤੇ ਗਏ ਅਤੇ 12 ਅਕਤੂਬਰ 2024 ਨੂੰ ਬਾਦ ਦੁਪਹਿਰ ਚਾਰ ਵਜੇ ਬੜੀ ਸੱਜ ਧੱਜ ਤੋਂ ਸਾਨੋ ਸ਼ੌਕਤ ਨਾਲ ਦੁਸ਼ਹਿਰ ਦਾ ਮਹੱਲਾ ਆਰੰਭ ਹੋਇਆ ਜੋ ਸ਼ਹਿਰ ਦੇ ਵੱਖ ਵੱਖ ਮਾਰਗਾਂ ਤੋਂ ਹੁੰਦਾ ਹੋਇਆ ਦੇਰ ਰਾਤ ਨੂੰ ਵਾਪਿਸ ਤਖਤ ਸਾਹਿਬ ਵਿਖੇ ਸਮਾਪਤ ਹੋਇਆ। ਇਸ ਮਹੱਲੇ ਦੀ ਸ਼ਾਨ ਬਹੁਤ ਹੀ ਨਿਰਾਲੀ ਸੀ। ਇਸ ਵਿੱਚ ਤਖਤ ਸੱਚਖੰਡ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ ਜੀ ਤੇ ਸਮੂਹ ਪੰਜ ਪਿਆਰੇ ਸਾਹਿਬਾਨ ਗੁਰੂ ਮਹਾਰਾਜ ਦੇ ਘੋੜੇ, ਨਿਸ਼ਾਨਚੀ ਸਿੰਘ, ਗੱਤਕਾ ਪਾਰਟੀਆਂ, ਕੀਰਤਨੀ ਜੱਥੇ ਨਿਹੰਗ ਸਿੰਘ ਦਲ ਪੰਥ, ਗੁਰੂ ਨਾਨਕ ਨਾਮ ਲੇਵਾ ਸੰਪਰਦਾਵਾਂ ਤੇ ਦੇਸ਼ ਵਿਦੇਸ਼ ਤੋਂ ਹਜ਼ਾਰਾਂ ਸੰਗਤਾਂ ਸ਼ਾਮਲ ਹੋਈਆਂ। ਪੁਰਾਤਨ ਚਲੀ ਆ ਰਹੀ ਮਰਯਾਦਾ ਅਨੁਸਾਰ ਹੱਲਾ ਬੋਲ ਚੌਕ 'ਚ ਨਿਸ਼ਾਨਚੀ ਸਿੰਘ ਵਲੋਂ ਅਰਦਾਸ ਕਰਨ ਉਪਰੰਤ ਹੱਲਾ ਆਰੰਭ ਹੋਇਆ ਜੋ ਥੋੜੀ ਦੂਰ ਚਿਖਲਵਾੜੀ ਚੌਕ ਤੱਕ ਪੁੱਜਿਆ ਦੁਸਹਿਰਾ ਪੁਰਬ ਦਾ ਇਹ ਮਹੱਲਾ ਗੁਰਦੁਆਰਾ ਬਾਉਲੀ ਦਮਦਮਾ ਸਾਹਿਬ ਵਿਖੇ ਠੰਢੇ ਮਿੱਠੇ ਜਲ ਦੀਆਂ ਛਬੀਲਾ ਛਕਣ ਉਪਰੰਤ ਨਿਰਧਾਰਤ ਮਾਰਗਾਂ ਰਾਹੀਂ ਹੁੰਦਾ ਹੋਇਆ ਤਖ਼ਤ ਸਾਹਿਬ ਵਿਖੇ ਰਾਤ ਕਰੀਬ 11 ਵਜੇ ਵਿਖੇ ਪੁੱਜਾ ਦੁਸਹਿਰੇ ਦੇ ਇਸ ਮਹਾਨ ਪੁਰਬ ਤੇ ਸਿੰਘ ਸਾਹਿਬ ਸੰਤ ਬਾਬਾ ਜੋਗਾ ਸਿੰਘ ਜੀ ਮੁਖੀ ਤਰਨਾ ਦਲ, ਸੰਤ ਬਾਬਾ ਗੁਰਦੇਵ ਸਿੰਘ ਜੀ ਸ਼ਹੀਦੀ ਬਾਗ ਵਾਲੇ, ਸੰਤ ਬਾਬਾ ਅਵਤਾਰ ਸਿੰਘ ਜੀ ਮੁਖੀ ਦਲ ਬਾਬਾ ਬਿਧੀ ਚੰਦ ਜੀ, ਨਿਹੰਗ ਸਿੰਘ ਬੁੱਢਾ ਦਲ ਆਪਣੇ ਦਲ ਦੇ ਸਿੰਘਾਂ, ਘੋੜਿਆਂ ਤੇ ਹਾਥੀ ਆਦਿ ਸਮੇਤ ਸ੍ਰੀ ਹਜ਼ੂਰ ਸਾਹਿਬ ਪੁੱਜੇ ਅਤੇ

ਦੁਸਹਿਰੇ ਮਹੱਲੇ ਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ ਦਮਦਮੀ ਟਕਸਾਲ ਦੇ ਮੁਖੀ ਸਿੰਘ ਸਾਹਿਬ ਭਾਈ ਰਾਮ ਸਿੰਘ ਜੀ, ਭਾਈ ਸਰਬਜੀਤ ਸਿੰਘ ਜੀ ਭੱਲਾਂ, ਸੰਤ ਬਾਬਾ ਗੁਰਚਰਨ ਸਿੰਘ ਜੀ ਰੋਪੜ ਅਤੇ ਸੱਚਖੰਡਵਾਸੀ ਸੰਤ ਬਾਬਾ ਪਰਮਜੀਤ ਸਿੰਘ ਜੀ ਮਾਹਲਪੁਰ ਆਦਿ ਦੇ ਜਥਿਆਂ ਵਲੋਂ ਵੱਖ ਵੱਖ ਥਾਵਾਂ ਤੇ ਲੰਗਰ ਲਗਾਏ ਗਏ ਗੁਰਦੁਆਰਾ ਬੋਰਡ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਜੀ ਨੇ ਦੁਸਹਿਰਾ ਪੁਰਬ ਤੋਂ ਪੁੱਜੀਆਂ ਸਮੂੰਹ ਪੰਥਕ ਜਥੇਬੰਦੀਆਂ, ਸੰਤ ਮਹਾਂਪੁਰਸ਼ ਤੇ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਇਸ ਮੌਕੇ ਸ. ਜਸਵੰਤ ਸਿੰਘ ਬੌਬੀ , ਸੁਪਰਡੈਂਟ ਸ.ਰਾਜਦਵਿੰਦਰ ਸਿੰਘ ਅਤੇ ਅਧਿਕਾਰੀਆਂ, ਸਮੂਹ ਸਟਾਫ਼ ਦੇ ਸਹਿਯੋਗ ਨਾਲ ਮੇਲੇ ਤੇ ਆਈ ਸੰਗਤਾਂ ਲਈ ਪੁਖਤਾ ਪ੍ਰਬੰਧ ਕੀਤੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV